Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 121 Chief Editor : Chowdhary Prabhjit Singh, Editor : Chhatarpal Singh 98146-32807, Wednesday 28 October 2026 Price : 2 Rs. Page : 6

## ਵਿਰੋਧੀ ਪਾਰਟੀਆਂ ਨੂੰ ਸਦਨ ਵਿੱਚ ਬੋਲਣਾ ਚਾਹੀਦਾ ਸੀ, ਕਾਂਗਰਸ ਦਾ ਰਵੱਈਆ ਨਿਰਾਸ਼ਾਜਨਕ: ਭਗਵੰਤ ਮਾਨ

### ਹੈੱਡਵਰਕਸ ਦਾ ਪ੍ਰਬੰਧ ਪੰਜਾਬ ਅਧੀਨ ਲਿਆਉਣ ਲਈ ਵਿਧਾਨ ਸਭਾ 'ਚ ਮਤਾ ਪੇਸ਼

**ਚੰਡੀਗੜ੍ਹ 27 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੇ ਆਖਰੀ ਦਿਨ ਹੰਗਾਮੇ ਅਤੇ ਵਿਵਾਦਾਂ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਵਿਰੋਧੀ ਧਿਰਾਂ ਖ਼ਾਸ ਕਰਕੇ ਕਾਂਗਰਸ 'ਤੇ ਤਿੱਖੇ ਨਿਸ਼ਾਨੇ ਸਾਧੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਵਿਧਾਨ ਸਭਾ ਦਾ ਆਖ਼ਰੀ ਦਿਨ ਸੀ ਅਤੇ ਵਿਰੋਧੀ ਪਾਰਟੀਆਂ ਨੂੰ ਸਦਨ ਦੇ ਅੰਦਰ ਆ ਕੇ ਜਨਤਕ ਮੁੱਦਿਆਂ 'ਤੇ ਬੋਲਣਾ ਚਾਹੀਦਾ ਸੀ, ਪਰ ਕਾਂਗਰਸ ਨੇ ਜੋ ਹੰਗਾਮਾ ਕੀਤਾ ਹੈ, ਉਹ ਉਨ੍ਹਾਂ ਦੀ ਸਿਆਸੀ ਨਿਰਾਸ਼ਾ ਅਤੇ ਆਖਰੀ ਪਲਾਂ ਦੀ ਬੇਚੈਨੀ ਦੀ ਨਿਸ਼ਾਨੀ ਹੈ।



ਕਰਤਾਰਪੁਰ ਲਾਂਘੇ ਅਤੇ ਪਾਕਿਸਤਾਨ ਨਾਲ ਸਬੰਧਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਜਿਵੇਂ ਸ਼੍ਰੋਮਣੀ ਕਮੇਟੀ ਜਾਂ ਸ਼ਰਧਾਲੂ ਜਾਂਦੇ ਹਨ, ਜੇਕਰ ਰਸਮੀ ਸੱਦਾ ਮਿਲਦਾ ਹੈ ਤਾਂ ਭਾਰਤ ਸਰਕਾਰ ਤੋਂ ਇਜਾਜ਼ਤ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਸਾਡੇ ਪਰਿਵਾਰ ਪਾਕਿਸਤਾਨ ਤੋਂ ਆਏ ਹਨ, ਇਸ ਲਈ ਦੋਵਾਂ ਦੇਸ਼ਾਂ ਵਿਚਾਲੇ ਸਬੰਧਾਂ ਵਿੱਚ ਸੁਧਾਰ ਹੋਣਾ ਚਾਹੀਦਾ ਹੈ ਅਤੇ ਸਮਝੌਤਾ ਐਕਸਪ੍ਰੈਸ ਵਰਗੀਆਂ ਸੇਵਾਵਾਂ ਚੱਲਦੀਆਂ ਰਹਿਣੀਆਂ ਚਾਹੀਦੀਆਂ ਹਨ।

ਇਸ ਤੋਂ ਇਲਾਵਾ ਸਿਆਸੀ ਤਾਣੇ-ਬਾਣੇ 'ਤੇ ਟਿੱਪਣੀ ਕਰਦਿਆਂ ਮੁੱਖ ਮੰਤਰੀ ਨੇ ਕਾਂਗਰਸ ਲੀਡਰਸ਼ਿਪ ਨੂੰ ਘੇਰਿਆ ਅਤੇ ਕਿਹਾ ਕਿ ਰਾਹੁਲ ਗਾਂਧੀ ਦੇ ਆਉਣ ਤੋਂ ਪਹਿਲਾਂ ਸੋਨੀਆ ਗਾਂਧੀ ਬਰਨਾਲਾ ਆਏ ਸਨ ਜਦੋਂ ਉਹ ਸੰਸਦ ਮੈਂਬਰ ਸਨ, ਪਰ ਉਸ ਸਮੇਂ ਵੀ ਢਿੱਲੋਂ ਦੀ ਜ਼ਮਾਨਤ ਜ਼ਬਤ ਹੋ ਗਈ ਸੀ ਅਤੇ ਰਾਹੁਲ ਗਾਂਧੀ ਦੇ ਕਾਰਜਕਾਲ ਦੌਰਾਨ ਵੀ ਅਜਿਹਾ ਹੀ ਹੋਇਆ। ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਬਾਰੇ ਗੱਲ ਕਰਦਿਆਂ ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਵਿੱਚ ਖ਼ੁਦ ਪਰਗਟ ਸਿੰਘ ਲਈ ਸਹੀ ਸੀਟ ਨਹੀਂ ਬਣਾਈ ਗਈ, ਫਿਰ ਵੀ ਅਸੀਂ ਉਨ੍ਹਾਂ ਨੂੰ ਸੱਦਾ ਦੇਵਾਂਗੇ ਕਿ ਉਨ੍ਹਾਂ ਨੂੰ ਆਉਣਾ ਚਾਹੀਦਾ ਹੈ ਅਤੇ ਇਸ ਵਿੱਚ ਕੋਈ ਰਾਜਨੀਤੀ ਨਹੀਂ ਹੋਣੀ ਚਾਹੀਦੀ।

ਪੰਜਾਬ ਵਿਧਾਨ ਸਭਾ ਵਿੱਚ ਅੱਜ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਯਮੁਨਾ ਦੇ ਪਾਣੀਆਂ ਵਿੱਚ ਰਾਜ ਦੇ ਹੱਕੀ ਅਤੇ ਜਾਇਜ਼ ਹਿੱਸੇ ਦੀ ਪ੍ਰਾਪਤੀ ਲਈ ਇੱਕ ਵਿਸ਼ੇਸ਼ ਮਤਾ ਪੇਸ਼ ਕੀਤਾ। ਮਤੇ ਵਿੱਚ ਕਿਹਾ ਗਿਆ ਹੈ ਕਿ 1966 ਵਿੱਚ ਪੰਜਾਬ ਦੇ ਪੁਨਰਗਠਨ ਤੋਂ ਪਹਿਲਾਂ ਯਮੁਨਾ ਨਦੀ ਅਣਵੰਡੇ ਪੰਜਾਬ ਵਿੱਚੋਂ ਵਗਦੀ ਸੀ, ਜਿਸ ਕਰਕੇ ਪੰਜਾਬ ਦਾ ਇਸ ਦੇ ਪਾਣੀਆਂ ਉੱਤੇ ਇਤਿਹਾਸਕ ਅਤੇ ਕਾਨੂੰਨੀ ਹੱਕ ਬਣਦਾ ਹੈ।

ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸਦਨ ਵਿੱਚ ਰੋਪੜ, ਹਰੀਕੇ ਅਤੇ ਫਿਰੋਜ਼ਪੁਰ ਵਿਖੇ ਸਥਿਤ ਸਿੰਚਾਈ ਹੈੱਡਵਰਕਸ ਦੇ ਪ੍ਰਬੰਧ ਅਤੇ ਸੰਚਾਲਨ ਨੂੰ ਪੰਜਾਬ ਸਰਕਾਰ ਦੇ ਅਧੀਨ ਕਰਨ ਲਈ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79(1)(c) ਵਿੱਚ ਸੋਧ ਕਰਨ ਸਬੰਧੀ ਮਤਾ ਪੇਸ਼ ਕੀਤਾ। ਮਤੇ ਵਿੱਚ ਕਿਹਾ ਗਿਆ ਹੈ ਕਿ ਇਹ ਹੈੱਡਵਰਕਸ ਪੰਜਾਬ ਦੀ ਭੂਗੋਲਿਕ ਹੱਦ ਅੰਦਰ ਆਉਂਦੇ ਹਨ, ਇਸ ਲਈ ਇਨ੍ਹਾਂ ਦਾ ਨਿਯੰਤਰਣ (ਕੰਟਰੋਲ) ਪੰਜਾਬ ਕੋਲ ਹੀ ਹੋਣਾ ਚਾਹੀਦਾ ਹੈ।

ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79 ਤਹਿਤ ਭਾਖੜਾ ਬਿਆਸ ਮੈਨੇਜਮੈਂਟ ਬੋਰਡ (22$2) ਨੂੰ ਇਨ੍ਹਾਂ ਹੈੱਡਵਰਕਸ ਦਾ ਪ੍ਰਬੰਧ ਸੌਂਪਣਾ ਸੰਵਿਧਾਨ ਦੀ ਸੱਤਵੀਂ ਅਨੁਸੂਚੀ (ਰਾਜ ਸੂਚੀ) ਦੀ ਐਂਟਰੀ 17 ਦੇ ਵਿਰੁੱਧ ਹੈ, ਕਿਉਂਕਿ ਪਾਣੀ ਨੂੰ ਨਿਯਮਿਤ ਕਰਨ ਦਾ ਅਧਿਕਾਰ ਰਾਜ ਕੋਲ ਹੀ ਹੈ।

ਮਤੇ ਵਿੱਚ ਤਰਕ ਦਿੱਤਾ ਗਿਆ ਕਿ ਦੇਸ਼ ਦੇ ਹੋਰਨਾਂ ਸੂਬਿਆਂ (ਜਿਵੇਂ ਹਰਿਆਣਾ ਦਾ ਹਥਨੀਕੁੰਡ ਬੈਰੇਜ, ਰਾਜਸਥਾਨ ਦਾ ਕੋਟਾ ਬੈਰੇਜ ਅਤੇ ਦਿੱਲੀ ਦਾ ਓਖਲਾ ਬੈਰੇਜ) ਵਿੱਚ ਹੈੱਡਵਰਕਸ ਦੀ ਮਲਕੀਅਤ ਅਤੇ ਸੰਚਾਲਨ ਉਸੇ ਸੂਬੇ ਕੋਲ ਹੈ, ਜਿੱਥੇ ਉਹ ਸਥਿਤ ਹਨ। ਇਨ੍ਹਾਂ ਹੈੱਡਵਰਕਸ ਨੂੰ ਪੰਜਾਬ ਦੇ ਹਵਾਲੇ ਕਰਨ ਨਾਲ ਹਰਿਆਣਾ ਦੇ ਹਿੱਤ ਪ੍ਰਭਾਵਿਤ ਨਹੀਂ ਹੁੰਦੇ ਕਿਉਂਕਿ ਇੱਥੋਂ ਹਰਿਆਣਾ ਨੂੰ ਕੋਈ ਪਾਣੀ ਸਪਲਾਈ ਨਹੀਂ ਕੀਤਾ ਜਾਂਦਾ ਅਤੇ ਹਰੀਕੇ ਵਿਖੇ ਰਾਜਸਥਾਨ ਦੇ ਪਾਣੀ ਦੀ ਨਿਗਰਾਨੀ ਪਹਿਲਾਂ ਹੀ ਸਾਂਝੇ ਤੌਰ 'ਤੇ ਕੀਤੀ ਜਾਂਦੀ ਹੈ।

ਇਸ ਤੋਂ ਇਲਾਵਾ ਹੜ੍ਹਾਂ ਜਾਂ ਐਮਰਜੈਂਸੀ ਦੌਰਾਨ ਸਥਾਨਕ ਹਾਲਾਤਾਂ ਨੂੰ ਸਮਝਦਿਆਂ ਜਾਨ-ਮਾਲ ਦੀ ਰੱਖਿਆ ਲਈ ਤੁਰੰਤ ਕਦਮ ਚੁੱਕਣ ਵਾਸਤੇ ਇਨ੍ਹਾਂ ਦਾ ਕੰਟਰੋਲ ਸੂਬਾ ਸਰਕਾਰ ਕੋਲ ਹੋਣਾ ਬਹੁਤ ਜ਼ਰੂਰੀ ਹੈ। ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਸਰਕਾਰ ਭਾਰਤ ਸਰਕਾਰ ਨੂੰ ਅਪੀਲ ਕਰੇਗੀ ਕਿ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79(1)(*) ਵਿੱਚ ਢੁਕਵੀਂ ਸੋਧ ਕੀਤੀ ਜਾਵੇ ਤਾਂ ਜੋ ਰੋਪੜ, ਹਰੀਕੇ ਅਤੇ ਫਿਰੋਜ਼ਪੁਰ ਹੈੱਡਵਰਕਸ ਦਾ ਪ੍ਰਬੰਧ ਸਥਾਈ ਤੌਰ 'ਤੇ ਪੰਜਾਬ ਦੇ ਨਿਯੰਤਰਣ ਅਧੀਨ ਆ ਸਕੇ। ਨਾਲ ਹੀ ਪੰਜਾਬ ਸਰਕਾਰ ਵੱਲੋਂ ਜੁਲਾਈ 2007 ਵਿੱਚ ਸੁਪਰੀਮ ਕੋਰਟ ਵਿੱਚ ਦਾਇਰ ਕੀਤੇ ਗਏ ਸਿਵਲ ਸੂਟ ਨੰਬਰ 2 ਆਫ਼ 2007 ਦੀ ਮਜ਼ਬੂਤੀ ਨਾਲ ਪੈਰਵੀ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਸਦਨ ਵਿੱਚ ਸਿਫ਼ਰ ਕਾਲ (ਜ਼ੀਰੋ ਆਵਰ) ਦੌਰਾਨ ਵਿਧਾਇਕ ਹਰਮੀਤ ਸਿੰਘ ਨੇ ਚੋਣਾਂ ਵਿੱਚ 'ਡਰੱਗ ਮਨੀ' ਦੀ ਵਰਤੋਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਸਿੱਟ) ਬਣਾਏ ਜਾਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਇੱਕ ਅਜਿਹੀ ਮਹਿਲਾ ਨੂੰ ਹਲਕਾ ਇੰਚਾਰਜ ਬਣਾਇਆ ਹੈ, ਜਿਸ ਦੇ ਪਤੀ ਵਿਰੁੱਧ ਰੈੱਡ ਕਾਰਨਰ ਨੋਟਿਸ ਜਾਰੀ ਹੋਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਵਿੱਚ ਡਰੱਗ ਮਨੀ ਦੀ ਵਰਤੋਂ ਹੋਈ ਹੈ ਅਤੇ ਹਲਕੇ ਦੇ ਕਈ ਸਰਪੰਚਾਂ ਦੇ ਕਤਲ ਹੋਏ ਹਨ, ਇਸ ਲਈ ਇਸ ਪੂਰੇ ਮਾਮਲੇ ਦੀ ਜਾਂਚ ਸਿੱਟ ) ਗਠਿਤ ਕਰ ਕੇ ਕੀਤੀ ਜਾਵੇ। ਵਿਧਾਇਕ ਡਾਕਟਰ ਇੰਦਰਬੀਰ ਸਿੰਘ ਨਿੱਜਰ ਨੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਐਮਰਜੈਂਸੀ ਵਾਰਡਾਂ ਦਾ ਨਾਂ ਭਾਈ ਘਨੱਈਆ ਜੀ ਦੇ ਨਾਂ 'ਤੇ ਰੱਖਣ ਦੀ ਮੰਗ ਕੀਤੀ ਹੈ।

ਇਸ ਤੋਂ ਪਹਿਲਾਂ ਮੰਗਲਵਾਰ ਨੂੰ ਪੰਜਾਬ ਵਿਧਾਨ ਸਭਾ ਇਜਲਾਸ ਦੀ ਆਖਰੀ ਬੈਠਕ ਤੋਂ ਪਹਿਲਾਂ, ਕਾਂਗਰਸੀ ਵਿਧਾਇਕਾਂ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਿਰੁੱਧ ਵੱਖ-ਵੱਖ ਮੁੱਦਿਆਂ 'ਤੇ ਨਾਕਾਮ ਰਹਿਣ ਦੇ ਦੋਸ਼ ਲਾਉਂਦਿਆਂ ਆਮ ਆਦਮੀ ਪਾਰਟੀ (ਆਪ) ਦਾ ਚੋਣ ਨਿਸ਼ਾਨ 'ਝਾੜੂ' ਸਾੜ ਕੇ ਰੋਸ ਪ੍ਰਦਰਸ਼ਨ ਕੀਤਾ।

ਇਸ ਦੇ ਨਾਲ ਹੀ ਕਾਂਗਰਸੀ ਵਿਧਾਇਕਾਂ ਨੇ ਸੂਬੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦੇ ਮੁੱਦੇ ਉੱਤੇ ਸਰਕਾਰ ਦੀ ਘੇਰਾਬੰਦੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਲਗਾਤਾਰ ਵਿਗੜਦੀ ਜਾ ਰਹੀ ਹੈ ਅਤੇ ਸੂਬਾ ਸਰਕਾਰ ਉਸ ਨੂੰ ਸਾਂਭਣ ਵਿੱਚ ਨਾਕਾਮ ਸਾਬਤ ਹੋ ਰਹੀ ਹੈ।

ਇਸੇ ਤਰ੍ਹਾਂ ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦਾ ਇਨਸਾਫ਼ ਨਹੀਂ ਮਿਲ ਪਾ ਰਿਹਾ ਹੈ, ਜਦੋਂਕਿ ਲੰਘੇ ਦਿਨ ਮੋਗਾ ਵਿੱਚ ਹੋਏ ਕਤਲਾਂ ਨੇ ਨਵੀਂ ਚਰਚਾ ਛੇੜ ਦਿੱਤੀ ਹੈ।

## ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ; ਲੱਖਾਂ ਸੰਗਤਾਂ ਹੋਈਆਂ ਨਤਮਸਤਕ

### ਸੱਚਖੰਡ ਵਿਖੇ ਅਲੌਕਿਕ ਜਲੌ ਸਜਾਏ, ਦੇਸੀ-ਵਿਦੇਸ਼ੀ ਫੁੱਲਾਂ ਨਾਲ ਮਹਿਕਿਆ ਦਰਬਾਰ; ਸ਼ਾਮ ਨੂੰ ਹੋਵੇਗੀ ਦੀਪਮਾਲਾ ਤੇ ਆਤਿਸ਼ਬਾਜ਼ੀ



**ਅੰਮ੍ਰਿਤਸਰ, 27 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਅੰਮ੍ਰਿਤਸਰ ਦੇ ਬਾਨੀ ਅਤੇ ਸਿੱਖ ਧਰਮ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਅੱਜ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਮਾਗਮ ਜਾਰੀ ਹਨ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋ ਕੇ ਇਸ ਪਾਵਨ ਦਿਹਾੜੇ 'ਤੇ ਗੁਰੂ ਪ੍ਰਤੀ ਸਤਿਕਾਰ ਭੇਟ ਕਰ ਰਹੀ ਹੈ।

ਇਸ ਸਬੰਧ ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਜਲੌ ਸਜਾਏ ਗਏ ਹਨ। ਗੁਰੂ ਘਰ ਦੀ ਮੁੱਖ ਇਮਾਰਤ, ਪੁਲ, ਦਰਸ਼ਨੀ ਡਿਉੜੀ, ਅਕਾਲ ਤਖ਼ਤ ਤੇ ਪਰਿਕਰਮਾ ਸਮੇਤ ਹੋਰ ਥਾਵਾਂ 'ਤੇ ਫੁੱਲਾਂ ਦੀ ਸਜਾਵਟ ਕੀਤੀ ਗਈ ਹੈ। ਬੀਤੇ ਕੱਲ੍ਹ ਤੋਂ ਹੀ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋਣ ਲਈ ਪੁੱਜ ਰਹੀ ਹੈ।ਮਿਲੀ ਜਾਣਕਾਰੀ ਮੁਤਾਬਕ ਇਸ ਸਬੰਧ ਵਿੱਚ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਲਗਾਤਾਰ ਗੁਰਮਤਿ ਸਮਾਗਮ ਜਾਰੀ ਹਨ, ਜਿੱਥੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਹਨ ਅਤੇ ਗੁਰਬਾਣੀ ਦੇ ਕੀਰਤਨ ਦਾ ਪ੍ਰਵਾਹ ਲਗਾਤਾਰ ਜਾਰੀ ਹੈ।

ਇਸ ਸਬੰਧ ਵਿੱਚ ਸ੍ਰੀ ਗੁਰੂ ਰਾਮਦਾਸ ਲੰਗਰ ਵਿੱਚ ਅੱਜ ਗੁਰਪੁਰਬ ਮੌਕੇ ਸੰਗਤ ਵਾਸਤੇ ਵਿਸ਼ੇਸ਼ ਪਕਵਾਨ ਤਿਆਰ ਕੀਤੇ ਗਏ ਹਨ ਅਤੇ ਵੱਡੀ ਗਿਣਤੀ ਵਿੱਚ ਸੰਗਤ ਲੰਗਰ ਛਕਣ ਲਈ ਪੁੱਜ ਰਹੀ ਹੈ। ਸ਼ਾਮ ਵੇਲੇ ਰਹਰਾਸਿ ਤੋਂ ਬਾਅਦ ਆਤਿਸ਼ਬਾਜ਼ੀ ਵੀ ਹੋਵੇਗੀ। ਇਸ ਸਬੰਧ ਵਿੱਚ ਗੁਰੂ ਘਰ ਦੀ ਇਮਾਰਤ 'ਤੇ ਦੀਪਮਾਲਾ ਵੀ ਕੀਤੀ ਗਈ ਹੈ।

ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਗਤ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਜੀਵਨ, ਇਤਿਹਾਸ ਅਤੇ ਸਿੱਖਿਆਵਾਂ ਬਾਰੇ ਚਰਚਾ ਕੀਤੀ ਹੈ। ਉਨ੍ਹਾਂ ਗੁਰੂ ਸਾਹਿਬ ਦੇ ਜੀਵਨ ਅਤੇ ਸੇਵਾ ਭਾਵਨਾ ਤੋਂ ਪ੍ਰੇਰਨਾ ਲੈਣ ਲਈ ਸੰਗਤ ਨੂੰ ਆਖਿਆ।

## ਗਿਆਨੇਸ਼ ਕੁਮਾਰ ਨੂੰ ਹਟਾਏ ਜਾਣ ਅਤੇ ਚੋਣ ਪ੍ਰਣਾਲੀ 'ਚ ਸੁਧਾਰ ਤੱਕ ਅਸੀਂ ਚੁੱਪ ਨਹੀਂ ਬੈਠਾਂਗੇ: ਵੇਣੂਗੋਪਾਲ

**ਨਵੀਂ ਦਿੱਲੀ, 27 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

'ਵੋਟ ਚੋਰੀ' ਦੇ ਕਥਿਤ ਦੋਸ਼ਾਂ, ਐੱਸ.ਆਈ.ਆਰ. ਅਤੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ 'ਇੰਡੀਆ' ਗੱਠਜੋੜ ਵਲੋਂ 1 ਨਵੰਬਰ ਨੂੰ ਕੀਤੀ ਜਾਣ ਵਾਲੀ ਰੈਲੀ ਤੋਂ ਪਹਿਲਾਂ, ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਰਾਮਲੀਲਾ ਮੈਦਾਨ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ, ÷ਸਾਨੂੰ ਨਹੀਂ ਪਤਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਕਿੰਨੇ ਡਰੇ ਹੋਏ ਹਨ, ਇੱਥੋਂ ਤੱਕ ਕਿ ਇਕ ਛੋਟੇ ਜਿਹੇ ਇਕੱਠ ਤੋਂ ਵੀ। ਅਸੀਂ ਗਿਆਨੇਸ਼ ਕੁਮਾਰ ਦੇ 'ਜਨਤਕ ਮਹਾਂਦੋਸ਼' ਦਾ ਐਲਾਨ ਕੀਤਾ ਸੀ। ਅਸੀਂ 1 ਨਵੰਬਰ ਨੂੰ ਇਕ ਮਾਰਚ ਦੀ ਯੋਜਨਾ ਬਣਾਈ ਸੀ... ਅਸੀਂ 25 ਅਕਤੂਬਰ ਤੋਂ 3 ਨਵੰਬਰ ਤੱਕ ਰਾਮਲੀਲ੍ਹਾ ਮੈਦਾਨ ਬੁੱਕ ਕੀਤਾ ਹੈ। ਉਨ੍ਹਾਂ ਨੇ ਸਾਨੂੰ ਪਹਿਲਾਂ ਹੀ 25 ਅਕਤੂਬਰ ਤੋਂ 3 ਨਵੰਬਰ ਤੱਕ ਦੀ



ਇਜਾਜ਼ਤ ਦੇ ਦਿੱਤੀ ਸੀ। ਅਸੀਂ ਇੱਥੇ ਹੀ ਇਹ 'ਜਨਤਕ ਮਹਾਂਦੋਸ਼' ਪ੍ਰੋਗਰਾਮ ਕਰਨ ਦਾ ਫ਼ੈਸਲਾ ਕੀਤਾ। ਪਰਸੋਂ, ਸਾਡੇ ਲੋਕ ਉੱਥੇ ਪ੍ਰਬੰਧ ਕਰਨ (ਢਾਂਚਾ ਤਿਆਰ ਕਰਨ) ਲਈ ਪਹੁੰਚੇ, ਤਾਂ ਪੁਲਿਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਸਾਨੂੰ ਨਹੀਂ ਪਤਾ ਕਿ ਇਸਦਾ ਕੀ ਕਾਰਨ ਹੈ... ਇਸਦਾ ਮਤਲਬ ਹੈ ਕਿ ਇਹ ਦਿੱਲੀ ਪੁਲਿਸ ਦਾ ਫ਼ੈਸਲਾ ਨਹੀਂ ਹੈ। ਇਹ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਦਾ ਫ਼ੈਸਲਾ ਹੈ। ਉਹ ਗਿਆਨੇਸ਼ ਕੁਮਾਰ ਨੂੰ ਬਚਾ ਰਹੇ ਹਨ... ਪਰ ਅਸੀਂ ਉਨ੍ਹਾਂ ਦੇ ਦਬਾਅ ਅੱਗੇ ਨਹੀਂ ਝੁਕਾਂਗੇ। ਸਾਨੂੰ ਪਤਾ ਹੈ ਕਿ ਪ੍ਰੋਗਰਾਮ ਕਿਵੇਂ ਕਰਨਾ ਹੈ... ਇਕ ਪਾਸੇ, ਉਹ ਵੋਟਰ ਸੂਚੀ ਵਿਚੋਂ ਅਸਲੀ ਵੋਟਰਾਂ ਦੇ ਨਾਮ ਪੂਰੀ ਤਰ੍ਹਾਂ ਹਟਾ ਰਹੇ ਹਨ। ਦੂਜੇ ਪਾਸੇ, ਜੋ ਲੋਕ ਆਪਣੇ ਲੋਕਤੰਤਰੀ ਅਧਿਕਾਰਾਂ ਨੂੰ ਬਚਾਉਣ ਲਈ ਪ੍ਰਦਰਸ਼ਨ ਕਰ ਰਹੇ ਹਨ, ਸਰਕਾਰ ਉਨ੍ਹਾਂ ਨੂੰ ਵੀ ਰੋਕਣ ਦੀ ਕੋਸ਼ਿਸ਼ ਕਰ ਰਹੀ ਹੈ... ਅਸੀਂ ਕਿਤੇ ਵੀ ਪ੍ਰਦਰਸ਼ਨ ਕਰ ਸਕਦੇ ਹਾਂ।

## ਪੰਜਾਬ ਵਿਧਾਨ ਸਭਾ ਸੈਸ਼ਨ ਦੇ ਆਖ਼ਰੀ ਦਿਨ ਸੱਤ ਮਤੇ ਸਰਬਸੰਮਤੀ ਨਾਲ ਪਾਸ

**ਚੰਡੀਗੜ੍ਹ, 27 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਵਿਧਾਨ ਸਭਾ 'ਚ ਅੱਜ ਬਹਿਸ ਮਗਰੋਂ ਦਰਿਆਈ ਪਾਣੀਆਂ ਤੇ ਹੱਕਾਂ ਦਾ ਦਾਅਵਾ ਕਰਦੇ ਹੋਏ ਸਰਬਸੰਮਤੀ ਨਾਲ ਪੰਜ ਮਤੇ ਪਾਸ ਕੀਤੇ ਗਏ। ਇਸ ਤੋਂ ਇਲਾਵਾ ਸਦਨ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਕਰਤਾਰਪੁਰ ਲਾਂਘੇ ਨੂੰ ਖੋਲ੍ਹਣ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਜਾਰੀ ਰੱਖਣ ਲਈ ਵੀ ਮਤਾ ਪਾਸ ਕੀਤਾ ਗਿਆ ।

ਦਰਿਆਈ ਪਾਣੀਆਂ ਨਾਲ ਸਬੰਧਿਤ ਮਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸਦਨ ਵਿੱਚ ਪੇਸ਼ ਕੀਤੇ ਗਏ। ਇਨ੍ਹਾਂ ਮਤਿਆਂ ਦਾ ਪਾਸ ਹੋਣਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਵੱਲੋਂ ਕਿਸਾਨ ਭਾਈਚਾਰੇ ਤੱਕ ਕੀਤੀ ਗਈ ਇੱਕ ਵੱਡੀ ਸਿਆਸੀ ਪਹੁੰਚ ਮੰਨਿਆ ਜਾ ਰਿਹਾ ਹੈ।

ਜ਼ਿਕਰਯੋਗ ਹੈ ਕਿ ਸਾਲ 2022 ਦੀਆਂ ਚੋਣਾਂ ਵਿੱਚ 'ਆਪ' ਨੂੰ ਮਾਲਵਾ ਖੇਤਰ ਦੀਆਂ 69 ਸੀਟਾਂ 'ਤੇ ਕਿਸਾਨ ਯੂਨੀਅਨਾਂ ਦੇ ਸਹਿਯੋਗ ਦਾ ਵੱਡਾ ਫ਼ਾਇਦਾ ਮਿਲਿਆ ਸੀ। ਇਸ ਤੋਂ ਇਲਾਵਾ, ਅੱਜ ਪਾਸ ਕੀਤੇ ਗਏ ਕੁਝ



ਮਤਿਆਂ 'ਤੇ ਪੰਜਾਬ ਸਰਕਾਰ ਦੀ ਇਸੇ ਸਾਲ ਸੰਯੁਕਤ ਕਿਸਾਨ ਮੋਰਚਾ ਅਤੇ ਬੀ.ਕੇ.ਯੂ. ਏਕਤਾ ਉਗਰਾਹਾਂ ਦੇ ਆਗੂਆਂ ਨਾਲ ਹੋਈ ਗੱਲਬਾਤ ਦੌਰਾਨ ਸਹਿਮਤੀ ਬਣੀ ਸੀ। ਇਨ੍ਹਾਂ ਮਤਿਆਂ 'ਤੇ ਕਰੀਬ ਤਿੰਨ ਘੰਟੇ ਲੰਬੀ ਬਹਿਸ ਹੋਈ।

**ਪਾਸ ਕੀਤੇ ਗਏ 5 ਪ੍ਰਮੁੱਖ ਮਤੇ:**

ਮੰਤਰੀ ਬਰਿੰਦਰ ਗੋਇਲ ਵੱਲੋਂ ਪੇਸ਼ ਪਹਿਲੇ ਮਤੇ ਵਿੱਚ 1966 ਦੀ ਪੁਨਰਗਠਨ ਤੋਂ ਪਹਿਲਾਂ ਦੇ ਅਣਵੰਡੇ ਪੰਜਾਬ ਦਾ ਹਵਾਲਾ ਦਿੰਦਿਆਂ ਯਮੁਨਾ ਦੇ ਪਾਣੀ 'ਤੇ ਪੰਜਾਬ ਦੇ ਇਤਿਹਾਸਕ ਅਤੇ ਕਾਨੂੰਨੀ ਹੱਕ ਦਾ ਦਾਅਵਾ ਕੀਤਾ ਗਿਆ। ਮਤੇ ਵਿੱਚ ਦੱਸਿਆ ਗਿਆ ਕਿ ਰਾਵੀ ਅਤੇ ਬਿਆਸ ਵਾਂਗ ਯਮੁਨਾ ਦੇ ਪਾਣੀ ਵੰਡ ਵਿੱਚ ਪੰਜਾਬ ਨੂੰ ਸ਼ਾਮਲ ਨਹੀਂ ਕੀਤਾ ਗਿਆ ਸੀ। ਪੰਜਾਬ ਦਾ 72 ਫ਼ੀਸਦੀ ਖੇਤਰ ਭੂਮੀਗਤ ਪਾਣੀ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਇਸ ਲਈ ਸੂਬੇ ਨੇ 25 ਅਪਰੈਲ 2025 ਨੂੰ ਕੇਂਦਰੀ ਜਲ ਸ਼ਕਤੀ ਮੰਤਰਾਲੇ ਕੋਲ ਜਲ ਵਿਵਾਦ ਟ੍ਰਿਬਿਊਨਲ ਦੇ ਗਠਨ ਲਈ ਰਸਮੀ ਸ਼ਿਕਾਇਤ ਵੀ ਦਰਜ ਕਰਵਾਈ ਹੈ।

ਦੂਜੇ ਮਤੇ ਵਿੱਚ ਪੰਜਾਬ ਪੁਨਰਗਠਨ ਐਕਟ 1966 ਦੀ ਧਾਰਾ 79(1) ਨੂੰ ਚੁਣੌਤੀ ਦਿੱਤੀ ਗਈ ਹੈ, ਜਿਸ ਤਹਿਤ ਰੋਪੜ, ਹਰੀਕੇ ਅਤੇ ਫ਼ਿਰੋਜ਼ਪੁਰ ਸਿੰਜਾਈ ਹੈੱਡ ਵਰਕਸ ਦਾ ਨਿਯੰਤਰਨ ਭਾਖੜਾ ਬਿਆਸ ਪ੍ਰਬੰਧਨ ਬੋਰਡ ਨੂੰ ਦਿੱਤਾ ਗਿਆ ਸੀ। ਸਰਕਾਰ ਨੇ ਇਸ ਪ੍ਰਾਵਧਾਨ ਨੂੰ ਗ਼ੈਰ-ਸੰਵਿਧਾਨਕ ਦੱਸਦਿਆਂ ਕਿਹਾ ਕਿ ਪਾਣੀ ਦਾ ਨਿਯਮ ਸੂਬਾ ਸੂਚੀ ਦਾ ਮੁੱਦਾ ਹੈ। ਮੰਤਰੀ ਨੇ ਹਰਿਆਣਾ, ਰਾਜਸਥਾਨ, ਦਿੱਲੀ, ਕਰਨਾਟਕ ਅਤੇ ਉੜੀਸਾ ਵਰਗੇ ਰਾਜਾਂ ਦੀਆਂ ਉਦਾਹਰਨਾਂ ਦਿੱਤੀਆਂ ਜਿੱਥੇ ਹੈੱਡ ਵਰਕਸ ਦਾ ਨਿਯੰਤਰਨ ਸੂਬਾ ਸਰਕਾਰਾਂ ਕੋਲ ਹੈ।

ਤੀਜੇ ਮਤੇ ਵਿੱਚ 5 ਮਈ 2025 ਨੂੰ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ ਉਸ ਮਤੇ ਦੀ ਪ੍ਰੋੜ੍ਹਤਾ ਕੀਤੀ ਗਈ ਜਿਸ ਵਿੱਚ 'ਡੈਮ ਸੇਫ਼ਟੀ ਐਕਟ 2021' ਨੂੰ ਰੱਦ ਕੀਤਾ ਗਿਆ ਸੀ। ਜਲ ਸਰੋਤ ਮੰਤਰੀ ਨੇ ਇਸ ਐਕਟ ਨੂੰ ਦੇਸ਼ ਦੇ ਸੰਘੀ ਢਾਂਚੇ ਤੇ ਹਮਲਾ ਦੱਸਦਿਆਂ ਕੇਂਦਰ ਤੋਂ ਇਸ ਨੂੰ ਵਾਪਸ ਲੈਣ ਦੀ ਮੰਗ ਕੀਤੀ।

ਚੌਥੇ ਮਤੇ ਵਿੱਚ ਰਾਜਸਥਾਨ ਨੂੰ ਸਤਲੁਜ, ਰਾਵੀ ਅਤੇ ਬਿਆਸ ਤੋਂ ਦਿੱਤੇ ਜਾ ਰਹੇ ਪਾਣੀ ਬਦਲੇ ਰਾਇਲਟੀ ਦੀ ਮੰਗ ਕੀਤੀ ਗਈ। ਮੰਤਰੀ ਗੋਇਲ ਨੇ ਤਰਕ ਦਿੱਤਾ ਕਿ ਰਾਜਸਥਾਨ ਰਿਪੇਰੀਅਨ (ਰਿਪੇਰੀਅਨ ਨਿਯਮਾਂ ਅਨੁਸਾਰ ਛੋਹਣ ਵਾਲਾ) ਰਾਜ ਨਹੀਂ ਹੈ ਅਤੇ ਉਹ ਪੰਜਾਬ ਦੇ ਪਾਣੀ ਦੀ ਵਰਤੋਂ ਸਿੰਜਾਈ, ਪੀਣ ਅਤੇ ਵਪਾਰਕ ਕੰਮਾਂ ਲਈ ਕਰਕੇ ਕਮਾਈ ਕਰ ਰਿਹਾ ਹੈ। ਇਸ ਲਈ ਰਾਜਸਥਾਨ ਅਤੇ ਕੇਂਦਰੀ ਜਲ ਸ਼ਕਤੀ ਮੰਤਰਾਲੇ ਨੂੰ ਇਸ ਦਾ ਵਿੱਤੀ ਬੋਝ ਚੁੱਕਣਾ ਚਾਹੀਦਾ ਹੈ ਅਤੇ ਬਕਾਇਆ ਭੁਗਤਾਨ ਕਰਨਾ ਚਾਹੀਦਾ ਹੈ। (ਇਸ ਤੋਂ ਪਹਿਲਾਂ 16 ਨਵੰਬਰ 2016 ਨੂੰ ਅਕਾਲੀ-ਭਾਜਪਾ ਸਰਕਾਰ ਦੌਰਾਨ ਵੀ ਅਜਿਹਾ ਮਤਾ ਪਾਸ ਕੀਤਾ ਗਿਆ ਸੀ।)

## ਮਜੀਠੀਆ ਨੂੰ ਰਾਜਬੀਰ ਘੁੰਮਣ ਨੇ ਭੇਜਿਆ ਲੀਗਲ ਨੋਟਿਸ



**ਚੰਡੀਗੜ੍ਹ, 27 ਅਕਤੂਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐਸ.ਡੀ. ਰਾਜਬੀਰ ਸਿੰਘ ਘੁੰਮਣ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਨੂੰ ਇੱਕ ਲੀਗਲ ਨੋਟਿਸ ਭੇਜਿਆ ਹੈ। ਰਾਜਬੀਰ ਸਿੰਘ ਘੁੰਮਣ ਦਾ ਦੋਸ਼ ਹੈ ਕਿ ਮਜੀਠੀਆ ਨੇ ਸੋਸ਼ਲ ਮੀਡੀਆ 'ਤੇ ਉਨ੍ਹਾਂ ਖ਼ਿਲਾਫ਼ ਝੂਠੇ, ਬੇਬੁਨਿਆਦ ਅਤੇ ਮਾਨਹਾਨੀਕਾਰਕ ਦੋਸ਼ ਲਾਏ ਹਨ, ਜਿਸ ਨਾਲ ਉਨ੍ਹਾਂ ਦੀ ਛਵੀ ਨੂੰ ਨੁਕਸਾਨ ਪਹੁੰਚਿਆ ਹੈ।

ਲੀਗਲ ਨੋਟਿਸ ਵਿੱਚ ਮੰਗ ਕੀਤੀ ਗਈ ਹੈ ਕਿ ਬਿਕਰਮ ਮਜੀਠੀਆ 24 ਘੰਟਿਆਂ ਦੇ ਅੰਦਰ-ਅੰਦਰ ਆਪਣੀ ਸੋਸ਼ਲ ਮੀਡੀਆ ਪੋਸਟ ਨੂੰ ਹਟਾਉਣ, ਜਨਤਕ ਤੌਰ 'ਤੇ ਬਿਨ੍ਹਾਂ ਸ਼ਰਤ ਮਾਫ਼ੀ ਮੰਗਣ ਅਤੇ ਭਵਿੱਖ ਵਿੱਚ ਅਜਿਹੇ ਝੂਠੇ ਦੋਸ਼ ਨਾ ਲਗਾਉਣ ਦਾ ਲਿਖਤੀ ਭਰੋਸਾ ਦੇਣ।

ਨੋਟਿਸ ਵਿੱਚ ਇਹ ਵੀ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਦਿੱਤੇ ਗਏ ਸਮੇਂ ਵਿੱਚ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ, ਤਾਂ ਉਨ੍ਹਾਂ ਵਿਰੁੱਧ ਫੌਜਦਾਰੀ ਕਾਰਵਾਈ ਅਤੇ ਮਾਨਹਾਨੀ ਦਾ ਮੁਕੱਦਮਾ ਦਰਜ ਕਰਵਾਇਆ ਜਾਵੇਗਾ।

## ਪੰਜਾਬ ਵਿਜੀਲੈਂਸ ਵੱਲੋਂ ਹਰ ਡੇਢ ਦਿਨ 'ਚ ਭ੍ਰਿਸ਼ਟਾਚਾਰ ਦਾ ਇੱਕ ਮਾਮਲਾ ਦਰਜ

**ਚੰਡੀਗੜ੍ਹ 27 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਵਿਜੀਲੈਂਸ ਬਿਊਰੋ ਨੇ ਮਾਰਚ 2022 ਤੋਂ ਔਸਤਨ ਹਰ ਡੇਢ ਦਿਨ ਵਿੱਚ ਭ੍ਰਿਸ਼ਟਾਚਾਰ ਦਾ ਇੱਕ ਮਾਮਲਾ ਦਰਜ ਕੀਤਾ ਹੈ। ਸਪੈਸ਼ਲ ਡੀਜੀਪੀ-ਕਮ-ਚੀਫ਼ ਡਾਇਰੈਕਟਰ ਡਾ. ਸਰਦ ਸੱਤਿਆ ਚੌਹਾਨ ਨੇ ਅੱਜ ਦੱਸਿਆ ਕਿ 30 ਸਤੰਬਰ 2026 ਤੱਕ ਬਿਊਰੋ ਨੇ 1,118 ਮਾਮਲੇ ਦਰਜ ਕੀਤੇ ਹਨ ਅਤੇ 1,156 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਅਧਿਕਾਰੀ 26 ਅਕਤੂਬਰ ਤੋਂ 1 ਨਵੰਬਰ ਤੱਕ ਮਨਾਏ ਜਾ ਰਹੇ ਬਿਊਰੋ ਦੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਐਲਾਨ ਕਰ ਰਹੇ ਸਨ, ਜਿਸ ਦਾ ਵਿਸ਼ਾ ÷ਸਮ੍ਰਿੱਧੀ ਲਈ ਇਮਾਨਦਾਰੀ (Probity for Prosperity) ਹੈ। ਵਿਜੀਲੈਂਸ ਬਿਊਰੋ ਦੇ ਅਮਲੇ ਨੇ ਮੁਹਾਲੀ ਹੈੱਡਕੁਆਰਟਰ ਅਤੇ ਜ਼ਿਲ੍ਹਾ ਦਫ਼ਤਰਾਂ ਵਿੱਚ ਇਮਾਨਦਾਰੀ ਦੀ ਸਹੁੰ ਚੁੱਕੀ।

ਚੌਹਾਨ ਨੇ ਦੱਸਿਆ ਕਿ ਵਿਜੀਲੈਂਸ ਰੇਂਜਾਂ ਦੇ ਸਮੂਹ ਸੀਨੀਅਰ ਕਪਤਾਨ ਪੁਲੀਸ (ਐੱਸਐੱਸਪੀਜ਼) ਨੂੰ ਹਰੇਕ ਜ਼ਿਲ੍ਹੇ ਵਿੱਚ ਜਾਗਰੂਕਤਾ ਪ੍ਰੋਗਰਾਮ ਉਲੀਕਣ ਲਈ ਕਿਹਾ ਗਿਆ ਹੈ।

ਅਦਾਰਾ
ਸ਼ਹੀਦ-ਏ-ਆਜ਼ਮ
ਅਖ਼ਬਾਰ ਅਤੇ ਚੈਨਲ
ਸੱਚ ਦੀ ਕਲਮ, ਲੋਕਾਂ ਦੀ ਆਵਾਜ਼
ਨੂੰ ਸਾਰੇ ਪੰਜਾਬ ਤੋਂ
ਪੱਤਰਕਾਰਾਂ
ਦੀ ਜ਼ਰੂਰਤ ਹੈ!
ਪੱਤਰਕਾਰੀ ਨੂੰ ਨਵੀਆਂ ਬੁਲੰਦੀਆਂ ਤੱਕ ਲਿਜਾਣ ਵਾਲੇ
ਚਾਹਵਾਨ ਸੰਪਰਕ ਕਰਨ
ਨਿਰਭ ਪੱਤਰਕਾਰਤਾ | ਲੋਕਾਂ ਦੀ ਅਵਾਜ਼ | ਸੱਚਾਈ ਸਾਡਾ ਮਿਸ਼ਨ | ਪੰਜਾਬ ਭਰ ਵਿਚ ਮੌਕੇ
ਜੇ ਤੁਸੀਂ ਹੋ ਜਜ਼ਬੇ ਵਾਲੇ, ਸੱਚ ਲਿਖਣ ਅਤੇ ਦਿਖਾਉਣ ਦਾ ਹੈ ਜਿਗਰਾ,
ਤਾਂ ਸਾਡਾ ਹਿੱਸਾ ਬਣੋਂ!
9855221193
98146 32807
ਵਧੇਰੇ ਜਾਣਕਾਰੀ ਲਈ ਵੇਖੋ: www.shaheedeazamnews.com
ਸਾਥ ਦਿਓ, ਬਦਲਾਵ ਲਿਆਓ, ਪੱਤਰਕਾਰਤਾ ਨੂੰ ਨਵੀਆਂ ਬੁਲੰਦੀਆਂ ਤੱਕ ਲੈ ਜਾਈਏ!

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।




# 'ਜਨਹਿਤ ਅਪਨਾ ਘਰ ਆਸ਼ਰਮ' ਰਾਏਪੁਰ ਮੰਡਲਾਂ ਦਾ ਉਦਘਾਟਨ ਸਮਾਰੋਹ ਸ਼ਰਧਾ ਅਤੇ ਉਤਸ਼ਾਹ ਨਾਲ ਸੰਪੰਨ




**ਪਟਿਆਲਾ, 27 ਅਕਤੂਬਰ, 2026 (ਅਨਿਲ ਕੁਮਾਰ )** : ਸੜਕਾਂ ਦੇ ਕਿਨਾਰਿਆਂ ਤੇ ਪਏ ਅਨਾਥ, ਬੇਸਹਾਰਾ, ਬੇਘਰ ਅਤੇ ਗੰਭੀਰ ਬਿਮਾਰ ਵਿਅਕਤੀਆਂ ਨੂੰ ਪ੍ਰਭੂ ਜੀ ਦਾ ਰੂਪ ਮੰਨਦੇ ਹੋਏ ਉਹਨਾਂ ਦੇ ਰਹਿਣ, ਮੁਫ਼ਤ ਇਲਾਜ ਅਤੇ ਦੇਖਭਾਲ ਲਈ 'ਜਨਹਿਤ ਸਮਿਤੀ (ਰਜਿਸਟਰਡ) ਪਟਿਆਲਾ' ਵੱਲੋਂ 'ਅਪਨਾ ਘਰ ਆਸ਼ਰਮ, ਭਰਤਪੁਰ (ਰਾਜਸਥਾਨ)' ਦੇ ਸਹਿਯੋਗ ਨਾਲ ਪਿੰਡ ਰਾਏਪੁਰ ਮੰਡਲਾ ਨੇੜੇ ਬਹਾਦਰਗੜ੍ਹ, ਪਟਿਆਲਾ, ਵਿਖੇ 'ਜਨਹਿਤ ਅਪਨਾ ਘਰ ਆਸ਼ਰਮ' ਦਾ ਭਵਯ ਉਦਘਾਟਨ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮਾਨਵਤਾਵਾਦੀ ਕਾਰਜ ਦੀ ਸ਼ੁਰੂਆਤ 25 ਬੇਸਹਾਰਾ ਪ੍ਰਭੂ ਜੀਆਂ ਦੀ ਸੇਵਾ-ਸੰਭਾਲ ਨਾਲ ਕੀਤੀ ਗਈ ਹੈ। ਸਮਾਰੋਹ ਦਾ ਉਦਘਾਟਨ 'ਮਾਂ ਮਾਧੁਰੀ ਬ੍ਰਿਜ ਵਾਰਿਸ ਸੇਵਾ ਸਦਨ' (ਅਪਨਾ ਘਰ ਆਸ਼ਰਮ ਭਰਤਪੁਰ ਰਾਜਸਥਾਨ) ਦੀ ਸੰਸਥਾਪਕਾ ਮਾਂ ਮਾਧੁਰੀ ਭਾਰਦਵਾਜ ਧਰਮਪਤਨੀ ਡਾ. ਬ੍ਰਿਜ ਮੋਹਨ ਭਾਰਦਵਾਜ (ਸੰਸਥਾਪਕ) ਦੁਆਰਾ ਸ਼ੁਭ ਆਸ਼ੀਰਵਾਦ ਦਿੰਦੇ ਹੋਏ ਕੀਤਾ ਗਿਆ। ਇਸ ਮੌਕੇ ਤੇ ਉਹਨਾਂ ਨੇ ਦੱਸਿਆ ਕਿ ਪੂਰੇ ਦੇਸ਼ ਵਿੱਚ 79 ਆਪਣਾ ਘਰ ਆਸ਼ਰਮ ਲੋਕ ਸੇਵਾ ਵਿੱਚ ਲੱਗੇ ਹੋਏ ਹਨ ਜਿਨ੍ਹਾਂ ਵਿਚ 17,000 ਤੋਂ ਵੱਧ ਪ੍ਰਭੂਜਨਾਂ ਦੀ ਨਿਸ਼ਕਾਮ ਸੇਵਾ ਅਤੇ ਸਾਂਭ ਸੰਭਾਲ ਕੀਤੀ ਜਾ ਰਹੀ ਹੈ। ਸਮਿਤੀ ਦੇ ਪ੍ਰਧਾਨ ਸ਼੍ਰੀ ਐੱਸ. ਕੇ. ਗੌਤਮ, ਜਨਰਲ ਸੈਕ੍ਰੇਟਰੀ ਸ਼੍ਰੀ ਵਿਨੋਦ ਕੁਮਾਰ ਸ਼ਰਮਾ, ਫਾਊਂਡਰ ਮੈਂਬਰ ਅਨਿਲ ਭਾਰਤੀ ਅਤੇ ਮੈਨੇਜਰ ਸਤੀਸ਼ ਜੋਸ਼ੀ ਨੇ ਦੱਸਿਆ ਕਿ ਇਹ ਆਸ਼ਰਮ ਸਮਾਜ ਦੇ ਸਭ ਤੋਂ ਲੋੜਵੰਦ ਵਰਗ ਦੀ ਨਿਸ਼ਕਾਮ ਸੇਵਾ ਲਈ ਸਮਰਪਿਤ ਰਹੇਗਾ। ਇਸ ਸ਼ੁਭ ਮੌਕੇ 'ਤੇ ਵਿਸ਼ੇਸ਼ ਅਤੇ ਵਿਸ਼ੇਸ਼ ਅਤੀਥੀਆਂ ਵਜੋਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ਼੍ਰੀ ਤੇਜਿੰਦਰ ਮਹਿਤਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਰੋਹ ਵਿੱਚ ਹੋਰਨਾਂ ਤੋਂ ਇਲਾਵਾ ਗੌਰਵ ਸੰਧੂ, ਪ੍ਰਾਣ ਸਭਰਵਾਲ, ਵਿਸ਼ਨੂੰ ਸ਼ਰਮਾ (ਸਾਬਕਾ ਮੇਅਰ), ਡਾ. ਬੀ. ਐੱਲ. ਭਾਰਦਵਾਜ, ਡਾ. ਹਰੀਓਮ ਅਗਰਵਾਲ, ਡਾ. ਜੇ. ਪੀ. ਐੱਸ. ਵਾਲੀਆ, ਅਬਦੁਲ ਵਾਹਿਦ, ਐੱਮ. ਐੱਚ. ਕੁਰੈਸ਼ੀ, ਵਿਵੇਕ ਜੈਨ, ਵਿਮਲ ਚੋਪੜਾ, ਸੀਨੀਅਰ ਐਡਵੋਕੇਟ ਐੱਚ. ਐੱਨ. ਮਹਿਸਮਪੁਰੀ, ਐੱਸ. ਐੱਨ. ਜਿੰਦਲ, ਪੀ. ਕੇ. ਜੈਨ, ਸਰਵਿੰਦਰ ਸਿੰਘ ਛਾਬੜਾ, ਪ੍ਰਵੀਨ ਸ਼ਰਮਾ, ਸ਼੍ਰੀ ਵਿਨੈ ਸ਼ਰਮਾ, ਸ਼੍ਰੀ ਅਸ਼ੋਕ ਵਰਮਾ, ਰਮੇਸ਼ ਮਲਹੋਤਰਾ, ਮੈਡਮ ਸ਼ਿਮਲਾ ਵਰਮਾ, ਅਨੀਤਾ ਬੰਸਲ, ਜਸਬੀਰ ਸਿੰਘ ਢੀਂਡਸਾ, ਹਰਪ੍ਰੀਤ ਸਿੰਘ ਸੰਧੂ, ਪਰਮਿੰਦਰ ਭਲਵਾਨ, ਵਰਿੰਦਰ ਆਹਲੂਵਾਲੀਆ, ਜਗਤਾਰ ਸਿੰਘ ਜੱਗੀ, ਰਾਜੇਸ਼ ਰੰਗੂਲਾ (ਏ.ਜੀ.ਐੱਮ., ਬੀ.ਐੱਸ.ਐੱਨ.ਐੱਲ.), ਭੂਪਿੰਦਰ ਸਿੰਘ, ਐਡਵੋਕੇਟ ਜਸਵਿੰਦਰ ਗ੍ਰੇਵਾਲ, ਜੀ. ਐੱਸ. ਬੇਦੀ, ਧੀਰਜ, ਸਤੀਸ਼ ਸਿੰਗਲਾ, ਡੀ. ਪੀ. ਗੋਇਲ, ਰਣਜੀਤ ਸਿੰਘ, ਨਵਨੀਤ ਰਿਸ਼ੀ, ਭਗਵਾਨ ਦਾਸ ਛਾਬੜਾ, ਸੰਤੋਸ਼ ਕੁਮਾਰ, ਰਾਜ ਕੁਮਾਰ (ਬੀ.ਐੱਸ.ਐੱਨ.ਐੱਲ.), ਪੰਕਜ ਕੁਮਾਰ, ਡੀ. ਪੀ. ਸਿੰਘ, ਕਮਲ ਕੌਸ਼ਿਸ਼, ਪ੍ਰਦੀਪ ਸਿੰਗਲਾ, ਸ਼੍ਰੀ ਬਾਲਕ੍ਰਿਸ਼ਨ ਬਿੰਦਲ, IRAS ਸ਼੍ਰੀ ਬਿਕਰਮਜੀਤ ਸਿੰਘ, ਸ਼੍ਰੀ ਵਿਨੋਦ ਸ਼ਰਮਾ, ਸ਼੍ਰੀ ਜਸਵਿੰਦਰ ਸਿੰਘ, ਸ਼੍ਰੀ ਵਰਿੰਦਰ ਸਿੰਘ ਟਿਵਾਣਾ ਅਤੇ ਡਾ. ਸੁਧੀਰ ਵਰਮਾ ਨੇ ਵੀ ਹਾਜ਼ਰ ਹੋ ਕੇ ਸਮਾਰੋਹ ਦੀ ਰੌਣਕ ਵਧਾਈ। ਸਮਿਤੀ ਦੇ ਅਹੁਦੇਦਾਰਾਂ ਨੇ ਸਮੂਹ ਨਗਰ ਨਿਵਾਸੀਆਂ ਅਤੇ ਦਾਨਵੀਰਾਂ ਦਾ ਧੰਨਵਾਦ ਕੀਤਾ ਅਤੇ ਮਾਨਵਤਾ ਦੀ ਸੇਵਾ ਦੇ ਇਸ ਮਹਾਨ ਕਾਰਜ ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।

# ਬਠਿੰਡਾ ਪੁਲਿਸ ਦੀ ਤੁਰੰਤ ਕਾਰਵਾਈ ਨਾਲ ਸਾਈਬਰ ਧੋਖਾਧੜੀ ਦੇ ਪੀੜਤ ਨੂੰ 2.15 ਲੱਖ ਦੀ ਰਕਮ ਵਾਪਸ ਕਰਵਾਈ

**ਬਠਿੰਡਾ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਠਿੰਡਾ ਪੁਲਿਸ ਦੇ ਸਾਈਬਰ ਕ੍ਰਾਈਮ ਥਾਣੇ ਵੱਲੋਂ ਤੁਰੰਤ ਅਤੇ ਸੰਵੇਦਨਸ਼ੀਲ ਕਾਰਵਾਈ ਕਰਦਿਆਂ ਸਾਈਬਰ ਧੋਖਾਧੜੀ ਦੇ ਇੱਕ ਮਾਮਲੇ ਵਿੱਚ ਪੀੜਤ ਨੂੰ ?2,15,000 ਦੀ ਰਕਮ ਰਿਫੰਡ ਕਰਵਾਈ ਗਈ। ਇਹ ਰਕਮ ਪੀੜਤ ਦੀ ਮਿਹਨਤ ਦੀ ਕਮਾਈ ਸੀ, ਜਿਸ ਦੇ ਵਾਪਸ ਮਿਲਣ ਨਾਲ ਉਸ ਨੂੰ ਵੱਡੀ ਰਾਹਤ ਮਿਲੀ।

ਪ੍ਰਾਪਤ ਜਾਣਕਾਰੀ ਅਨੁਸਾਰ, ਇੱਕ ਵਿਅਕਤੀ ਨੇ ਸ਼ਿਕਾਇਤ ਦਰਜ ਕਰਵਾਈ ਕਿ ਉਸ ਦੇ ਮੋਬਾਈਲ ਫੋਨ 'ਤੇ ਇੱਕ APK ਫਾਇਲ ਆਈ ਸੀ। ਫਾਇਲ 'ਤੇ ਕਲਿਕ ਕਰਦੇ ਹੀ ਉਸ ਦਾ ਫੋਨ ਹੈਕ ਹੋ ਗਿਆ, ਜਿਸ ਤੋਂ ਬਾਅਦ ਉਸ ਦੇ ਕ੍ਰੈਡਿਟ ਕਾਰਡ ਰਾਹੀਂ 8 ਵੱਖ-ਵੱਖ ਲੈਣ-ਦੇਣ ਕੀਤੇ ਗਏ। ਇਸ ਦੌਰਾਨ ਕੁੱਲ 2,30,000 ਦੀ ਧੋਖਾਧੜੀ ਹੋਈ, ਜਿਸ ਕਾਰਨ ਪੀੜਤ ਅਤੇ ਉਸ ਦਾ ਪਰਿਵਾਰ ਗਹਿਰੀ ਚਿੰਤਾ ਵਿੱਚ ਪੈ ਗਿਆ। ਸ਼ਿਕਾਇਤ ਮਿਲਣ ਤੋਂ ਬਾਅਦ ਸਾਈਬਰ ਕ੍ਰਾਈਮ ਥਾਣਾ, ਬਠਿੰਡਾ ਦੀ ਪੁਲਿਸ ਟੀਮ ਨੇ ਬਿਨਾਂ ਦੇਰੀ ਕੀਤੇ ਤੁਰੰਤ ਕਾਰਵਾਈ ਸ਼ੁਰੂ ਕੀਤੀ ਅਤੇ Amazon Pay ਨਾਲ ਪੱਤਰ ਵਿਹਾਰ ਕੀਤਾ। ਪੁਲਿਸ ਦੇ ਲਗਾਤਾਰ ਯਤਨਾਂ ਅਤੇ ਸਮੇਂ ਸਿਰ ਕੀਤੀ ਕਾਰਵਾਈ ਸਦਕਾ ਪੀੜਤ ਨੂੰ 2,15,000 ਦੀ ਰਕਮ ਵਾਪਸ ਕਰਵਾਈ ਗਈ। ਬਠਿੰਡਾ ਪੁਲਿਸ ਦੀ ਇਸ ਕਾਰਵਾਈ ਨੇ ਇੱਕ ਪਰਿਵਾਰ ਨੂੰ ਵੱਡੇ ਆਰਥਿਕ ਨੁਕਸਾਨ ਅਤੇ ਮਾਨਸਿਕ ਪਰੇਸ਼ਾਨੀ ਤੋਂ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਬਠਿੰਡਾ ਪੁਲਿਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਵਿਆਹ ਦੇ ਕਾਰਡਾਂ, ਤਿਉਹਾਰਾਂ ਦੀਆਂ ਵਧਾਈਆਂ, ਚਲਾਨ, ਡਿਲਿਵਰੀ ਜਾਂ ਇਨਾਮਾਂ ਦੇ ਨਾਂ 'ਤੇ ਆਉਣ ਵਾਲੀਆਂ ਅਣਜਾਣ APK ਫਾਇਲਾਂ ਅਤੇ ਲਿੰਕਾਂ 'ਤੇ ਕਲਿਕ ਨਾ ਕਰਨ। ਅਜਿਹੀਆਂ APK ਫਾਇਲਾਂ 'ਤੇ ਕਲਿਕ ਕਰਨ ਨਾਲ ਸਾਈਬਰ ਠੱਗ ਤੁਹਾਡੇ ਮੋਬਾਈਲ ਤੱਕ ਪਹੁੰਚ ਬਣਾ ਕੇ ਤੁਹਾਡੇ ਕ੍ਰੈਡਿਟ ਕਾਰਡ ਰਾਹੀਂ ਗੈਰ-ਅਧਿਕਾਰਤ ਲੈਣ-ਦੇਣ ਕਰ ਸਕਦੇ ਹਨ ਅਤੇ ਤੁਹਾਡੇ ਬੈਂਕ ਖਾਤੇ ਵਿੱਚੋਂ ਵੀ ਪੈਸੇ ਕਢਵਾ ਸਕਦੇ ਹਨ। ਇਸ ਲਈ ਅਜਿਹੀਆਂ ਫਾਇਲਾਂ ਨੂੰ ਇੰਸਟਾਲ ਕਰਨ ਜਾਂ ਅੱਗੇ ਭੇਜਣ ਤੋਂ ਪਹਿਲਾਂ ਉਨ੍ਹਾਂ ਦੀ ਪੁਸ਼ਟੀ ਜ਼ਰੂਰ ਕਰੋ।

# ਕੌਂਸਲਰਾਂ ਨੂੰ ਭੱਤਿਆਂ ਦੀ ਵਸੂਲੀ ਦਾ ਕਰਨਾ ਪੈ ਸਕਦਾ ਹੈ ਸਾਹਮਣਾ

**ਪਟਿਆਲਾ, 26 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**




ਨਗਰ ਨਿਗਮ ਦੇ 30 ਕੌਂਸਲਰਾਂ, ਜਿਨ੍ਹਾਂ ਦੀਆਂ ਚੋਣਾਂ ਨੂੰ ਸੁਪਰੀਮ ਕੋਰਟ ਨੇ ਰੱਦ ਕਰ ਦਿੱਤਾ ਸੀ, ਨੂੰ ਪਿਛਲੇ 18 ਮਹੀਨਿਆਂ ਦੌਰਾਨ ਪ੍ਰਾਪਤ ਕੀਤੇ ਗਏ ਮਿਹਨਤਾਨੇ ਅਤੇ ਚੋਣ ਹਲਕੇ ਭੱਤੇ ਵਾਪਸ ਕਰਨੇ ਪੈ ਸਕਦੇ ਹਨ।ਪ੍ਰਭਾਵਿਤ ਕੌਂਸਲਰਾਂ, ਜਿਨ੍ਹਾਂ ਵਿੱਚ ਬਰਖਾਸਤ ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਸ਼ਾਮਲ ਹਨ, ਨੂੰ 15 ਅਕਤੂਬਰ ਨੂੰ ਹੋਈ ਜਨਰਲ ਹਾਊਸ ਮੀਟਿੰਗ ਵਿੱਚ ਸੱਦਾ ਨਹੀਂ ਦਿੱਤਾ ਗਿਆ ਸੀ।

ਉਨ੍ਹਾਂ ਦੀ ਚੋਣ ਸਥਿਤੀ ਦੇ ਨਾਲ, ਪ੍ਰਭਾਵਤ ਸੰਸਥਾ ਨੇ ਅਦਾਲਤ ਦੇ ਆਦੇਸ਼ਾਂ ਦੁਆਰਾ ਪ੍ਰਬੰਧਿਤ ਕਰਨਾ ਵੀ ਸ਼ੁਰੂ ਕਰ ਦਿੱਤਾ ਹੈ, ਉਨ੍ਹਾਂ ਦੇ ਦਫਤਰਾਂ ਸੰਬੰਧੀ ਨਾਗਰਿਕ ਤਬਦੀਲੀਆਂ। ਨਗਰ ਨਿਗਮ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਬਰਖਾਸਤ ਸੀਨੀਅਰ ਡਿਪਟੀ ਮੇਅਰ ਨਾਲ ਜੁੜੇ ਸਟਾਫ ਦਾ ਤਬਾਦਲਾ ਕਰ ਦਿੱਤਾ ਹੈ ਅਤੇ ਉਨ੍ਹਾਂ ਨੂੰ ਬਰਖਾਸਤ ਕਰ ਦਿੱਤਾ ਹੈ। ਡਿਪਟੀ ਮੇਅਰ ਨੂੰ ਨਗਰ ਨਿਗਮ ਦੀਆਂ ਹੋਰ ਸ਼ਾਖਾਵਾਂ ਨੂੰ ਐਡ। ਦੋਵਾਂ ਨੂੰ ਉਨ੍ਹਾਂ ਨੂੰ ਅਲਾਟ ਕੀਤੇ ਗਏ ਸਰਕਾਰੀ ਵਾਹਨਾਂ ਨੂੰ ਵਾਪਸ ਕਰਨ ਲਈ ਨੋਟਿਸ ਵੀ ਜਾਰੀ ਕੀਤੇ ਜਾ ਰਹੇ ਹਨ। ਦੱਸਣਯੋਗ ਹੈ ਕੀ 18,750 ਪ੍ਰਤੀ ਮਹੀਨਾ ਅਤੇ ਉਸੇ ਭੱਤੇ ਦੇ ਨਾਲ।

ਮੇਅਰ ਨੂੰ ਸਾਡੇ ਲਈ ਮਾਸਿਕ ਸਨਮਾਨ ਵਜੋਂ 30,000 ਰੁਪਏ ਅਤੇ ਹਲਕੇ ਦੇ ਭੱਤੇ ਵਜੋਂ 15,000 ਰੁਪਏ ਮਿਲਦੇ ਹਨ। ਦਾ ਇੱਕ ਡਿਵੀਜ਼ਨ ਬੈਂਚ ਬਰਖਾਸਤ ਕੀਤੇ ਗਏ ਮਾਣਭੱਤੇ ਅਤੇ ਹਲਕੇ ਦੇ ਸੀਨੀਅਰ ਡਿਪਟੀ ਮੇਅਰ, ਡਿਪਟੀ ਮੇਅਰ ਅਤੇ ਕੌਂਸਲਰਾਂ ਨੂੰ ਦਿੱਤੇ ਗਏ ਭੱਤਿਆਂ ਦੀ ਵਸੂਲੀ ਦੇ ਸੰਬੰਧ ਵਿੱਚ, ਕਮਿਸ਼ਨ ਸੁਪਰੀਮ ਕੋਰਟ ਦੇ ਹੁਕਮਾਂ ਦੀ ਰੌਸ਼ਨੀ ਵਿੱਚ ਰਾਜ ਸਰਕਾਰ ਤੋਂ ਪਿਛਲੇ 18 ਮਹੀਨਿਆਂ ਤੋਂ ਸਪੱਸ਼ਟੀਕਰਨ ਮੰਗੇਗਾ। ਮੌਜੂਦਾ ਤਨਖਾਹ ਢਾਂਚੇ ਦੇ ਤਹਿਤ, ਕੌਂਸਲਰਾਂ ਨੂੰ ਪ੍ਰਤੀ ਮਹੀਨਾ 15,000 ਰੁਪਏ ਪ੍ਰਾਪਤ ਹੁੰਦੇ ਹਨ ਕਿਉਂਕਿ ਸੀਨੀਅਰ ਡਿਪਟੀ ਮੇਅਰ ਨੂੰ ਹਲਕਾ ਭੱਤਾ ਮਿਲਦਾ ਹੈ।

15,000 ਰੁਪਏ ਦੇ ਮਹੀਨਾਵਾਰ ਹਲਕਾ ਭੱਤੇ ਤੋਂ ਇਲਾਵਾ 24,000 ਰੁਪਏ ਦਾ ਮਹੀਨਾਵਾਰ ਮਾਣਭੱਤਾ, ਜਦੋਂ ਕਿ ਡਿਪਟੀ ਮੇਅਰ ਨੂੰ ਰੁਪਏ ਦਾ ਮਾਣਭੱਤਾ ਮਿਲਦਾ ਹੈ। ਚੀਫ਼ ਜਸਟਿਸ ਅਤੇ ਦੋ ਹੋਰ ਸੁਪਰੀਮ ਕੋਰਟ, ਜਿਨ੍ਹਾਂ ਵਿੱਚ ਜੱਜ ਸ਼ਾਮਲ ਸਨ, ਨੇ 7 ਅਕਤੂਬਰ ਨੂੰ ਨਗਰ ਨਿਗਮ ਦੇ 28 ਵਾਰਡਾਂ ਵਿੱਚ ਨਵੇਂ ਸਿਰਿਓਂ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਗਿਆ ਹੈ ਜਿਸ ਤੋਂ ਬਾਅਦ ਸੂਚੀ ਵਿੱਚ ਦੋ ਹੋਰ ਵਾਰਡ ਸ਼ਾਮਲ ਕੀਤੇ ਗਏ। 2024 ਦੀਆਂ ਆਮ ਚੋਣਾਂ ਵਿੱਚ ਬੇਨਿਯਮੀਆਂ ਇੱਕ ਤੱਥ-ਖੋਜ ਨਿਆਂਇਕ ਕਮਿਸ਼ਨ ਦੁਆਰਾ ਸਥਾਪਿਤ ਕੀਤੀਆਂ ਗਈਆਂ ਸਨ, ਜਿਨ੍ਹਾਂ ਦੇ ਨਤੀਜਿਆਂ ਨੂੰ ਸੁਪਰੀਮ ਕੋਰਟ ਨੇ ਵਿਵਾਦਿਤ ਵਾਰਡਾਂ ਦੌਰਾਨ ਸਵੀਕਾਰ ਕਰ ਲਿਆ ਸੀ।

ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ, ਇਨ੍ਹਾਂ 30 ਵਾਰਡਾਂ ਵਿੱਚ ਹੋਈਆਂ ਚੋਣਾਂ ਘੋਸ਼ਿਤ ਅਤੇ ਨਵੇਂ ਸਿਰਿਓਂ ਚੋਣਾਂ ਕਰਵਾਉਣ ਦਾ ਨਿਰਦੇਸ਼ ਦੇ ਰਹੀਆਂ ਸਨ ਅਦਾਲਤ ਦੇ ਫੈਸਲੇ ਅਤੇ ਤਨਖਾਹ-ਕਾਰਜਕਾਲ ਨੂੰ ਨਿਯੰਤਰਿਤ ਕਰਨ ਵਾਲੇ ਵਿਵਾਦਿਤ ਲਾਗੂ ਨਿਯਮਾਂ ਦੌਰਾਨ ਕੀਤੇ ਗਏ ਆਦੇਸ਼ਾਂ ਦਾ।

ਜਦੋਂ ਕਿ ਰੱਦ ਕਰਨ ਦਾ ਸਿਧਾਂਤ ਸ਼ੁਰੂ ਤੋਂ ਹੀ ਰੱਦ ਕਰਨ ਦਾ ਅਰਥ ਹੈ, ਇਸ ਮੁੱਦੇ 'ਤੇ ਬਰਖਾਸਤ ਕੀਤੇ ਗਏ ਕੌਂਸਲਰਾਂ ਨੂੰ ਇਹ ਕਰਨ ਦੀ ਲੋੜ ਹੈ, ਕੀ ਇਹ ਪਹਿਲਾਂ ਤੋਂ ਪ੍ਰਾਪਤ ਰਕਮਾਂ ਵਾਪਸ ਕਰੇਗਾ, ਇਹ ਨਿਰਧਾਰਤ ਕਰਨ ਦੀ ਜ਼ਰੂਰਤ ਹੈ ਕਿ ਕੀ ਇਹ ਪਹਿਲਾਂ ਤੋਂ ਪ੍ਰਾਪਤ ਰਕਮਾਂ ਨੂੰ ਲਾਗੂ ਕਾਨੂੰਨ ਦੇ ਤਹਿਤ ਮਿਊਂਸਪਲ ਕਮਿਸ਼ਨਰ ਦੇ ਨਿਰਦੇਸ਼ਾਂ ਅਧੀਨ ਕੀਤਾ ਗਿਆ ਹੈ।

ਕਾਨੂੰਨੀ ਮਾਹਿਰਾਂ ਦਾ ਕਹਿਣਾ ਹੈ ਕਿ ਅਤੇ ਅਦਾਲਤ ਦੇ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ, 1976 ਦੀ ਧਾਰਾ 382 ਦੇ ਦਾਇਰੇ ਵਿੱਚ, ਧਾਰਾ 35 ਅਤੇ 37 ਦੇ ਤਹਿਤ, ਵਿਵਾਦਿਤ ਕਾਰਜਕਾਲ ਦੌਰਾਨ ਗੈਰ-ਬੈਠਕ ਪ੍ਰਤੀਨਿਧੀਆਂ ਤੋਂ ਵਿੱਤੀ ਲਾਭ ਪ੍ਰਾਪਤ ਕਰਨ ਲਈ ਨੋਟਿਸਾਂ ਦੁਆਰਾ ਖਿੱਚੇ ਗਏ ਭੱਤੇ ਅਤੇ ਮਾਣ ਭੱਤੇ ਜਾਰੀ ਕਰਨ ਦੀ ਸ਼ਕਤੀ ਹੈ ਐਕਟ, ਜੋ ਉਹਨਾਂ ਦੁਆਰਾ ਪ੍ਰਾਪਤ ਕੀਤੇ ਵਿੱਤੀ ਲਾਭਾਂ ਨੂੰ ਪਰਿਭਾਸ਼ਿਤ ਕਰਦਾ ਹੈ।

# ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਨੂੰ ਤਰਜ਼ੀਹ ਦੇਣ: ਡਿਪਟੀ ਕਮਿਸ਼ਨਰ



**ਫ਼ਤਹਿਗੜ੍ਹ ਸਾਹਿਬ, 27 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕਰਨ ਤੇ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਕਿਸਾਨ ਫ਼ਸਲ ਮੰਡੀ ਲਿਜਾਣ ਤੋਂ ਪਹਿਲਾਂ ਨਮੀ ਦੀ ਜਾਂਚ ਜ਼ਰੂਰ ਕਰਵਾਉਣ। ਜੇਕਰ ਨਮੀ ਨਿਰਧਾਰਤ 17 ਫ਼ੀਸਦੀ ਹੱਦ ਤੋਂ ਵੱਧ ਹੋਵੇ ਤਾਂ ਝੋਨੇ ਨੂੰ ਚੰਗੀ ਤਰ੍ਹਾਂ ਸੁਕਾਉਣ ਉਪਰੰਤ ਹੀ ਮੰਡੀ ਲਿਆਂਦਾ ਜਾਵੇ, ਤਾਂ ਜੋ ਖਰੀਦ ਵਿੱਚ ਦੇਰੀ ਅਤੇ ਬੇਲੋੜੀ ਖੱਜਲ-ਖੁਆਰੀ ਤੋਂ ਬਚਿਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕੰਬਾਈਨ ਮਾਲਕਾਂ ਨੂੰ ਵੀ ਸਖ਼ਤ ਹਦਾਇਤ ਕੀਤੀ ਕਿ ਉਹ ਗਿੱਲੇ ਝੋਨੇ ਦੀ ਕਟਾਈ ਬਿਲਕੁਲ ਨਾ ਕਰਨ ਅਤੇ ਕਿਸਾਨਾਂ ਨੂੰ ਫ਼ਸਲ ਸੁੱਕਣ ਉਪਰੰਤ ਹੀ ਕਟਾਈ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਕੰਬਾਈਨ ਮਾਲਕਾਂ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਡਾ.ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲੇ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਜਾਰੀ ਹੈ। ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 2 ਲੱਖ 86 ਹਜਾਰ 366 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਹੈ ਜਿਸ ਵਿੱਚੋਂ 02 ਲੱਖ 80 ਹਜਾਰ 240 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਖਰੀਦ ਏਜੰਸੀਆਂ ਵੱਲੋਂ ਮੰਡੀਆਂ ਵਿੱਚ ਖਰੀਦੇ ਗਏ ਕੁੱਲ ਝੋਨੇ ਵਿੱਚੋਂ 02 ਲੱਖ 11 ਹਜਾਰ 400 ਮੀਟਰਿਕ ਟਨ ਝੋਨੇ ਦੀ ਲਿਫਟਿੰਗ ਕਰਵਾਈ ਗਈ ਹੈ ਤੇ ਖਰੀਦੇ ਗਏ ਝੋਨੇ ਦੀ ਅਦਾਇਗੀ ਵਜੋਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 634.19 ਕਰੋੜ ਰੁਪਏ ਜਮ੍ਹਾਂ ਕਰਵਾਏ ਗਏ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦੇ ਗਏ ਕੁੱਲ ਝੋਨੇ ਵਿੱਚੋਂ ਪਨਗ੍ਰੇਨ ਵੱਲੋਂ 128097 ਮੀਟਰਿਕ ਟਨ, ਮਾਰਕਫੈੱਡ ਵੱਲੋਂ 51786 ਮੀਟਰਿਕ ਟਨ, ਪਨਸਪ ਵੱਲੋਂ 61699 ਮੀਟਰਿਕ ਟਨ, ਵੇਅਰ ਹਾਊਸ ਵੱਲੋਂ 29612 ਮੀਟਰਿਕ ਟਨ, ਐਫ.ਸੀ.ਆਈ. ਵੱਲੋਂ 8632 ਮੀਟਰਿਕ ਟਨ ਤੇ ਵਪਾਰੀਆਂ ਵੱਲੋਂ 1078 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।

# ਟੀਮ ਹਿਊਮਨ ਸਰਵਿਸ ਸੋਸਾਇਟੀ ਪੰਜਾਬ ਟੀਮ ਵਲੋਂ ਸ਼ੋਭਾ ਯਾਤਰਾ ਤੇ ਪ੍ਰਗਟ ਦਿਵਸ ਮੌਕੇ ਤੇ ਮੰਦਿਰ ਵਿੱਚ ਜਾ ਕੇ ਆਸ਼ਿਰਵਾਦ ਪ੍ਰਾਪਤ ਕੀਤਾ



**ਪਟਿਆਲਾ, 27 ਅਕਤੂਬਰ**
**-ਜੀ. ਐਸ. ਤੁੰਗ-**

ਟੀਮ ਹਿਊਮਨ ਸਰਵਿਸ ਸੋਸਾਇਟੀ ਪੰਜਾਬ ਟੀਮ ਵਲੋਂ ਸ਼ੋਭਾ ਯਾਤਰਾ ਤੇ ਪ੍ਰਗਟ ਦਿਵਸ ਮੌਕੇ ਤੇ ਮੰਦਿਰ ਵਿੱਚ ਜਾ ਕੇ ਆਸ਼ਿਰਵਾਦ ਪ੍ਰਾਪਤ ਕੀਤਾ। ਪ੍ਰਗਟ ਦਿਵਸ ਸਾਰੇ ਪਟਿਆਲਾ ਵਿੱਚ ਬਹੁਤ ਧੂਮਧਾਮ ਨਾਲ ਹਰ ਧਰਮ ਦੇ ਲੋਕਾਂ ਨੇ ਮਿਲ ਕੇ ਮਨਾਇਆ ਪ੍ਰਗਟ ਦਿਵਸ ਦੀਆਂ ਖੁਸ਼ੀਆਂ ਦਿਵਾਲੀ ਵਾਂਗ ਸਾਰਾ ਸ਼ਹਿਰ ਰੋਸ਼ਨ ਹੋਇਆ। ਇਸ ਮੌਕੇ ਤੇ ਜਤਿੰਦਰ ਸ਼ਰਮਾ ਤੇ ਉਨ੍ਹਾਂ ਦੀ ਟੀਮ ਨੇ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਚਰਨਾ ਵਿੱਚ ਨਤਮਸਤਕ ਹੋ ਕੇ ਆਸ਼ਿਰਵਾਦ ਪ੍ਰਾਪਤ ਕੀਤਾ। ਇਸ ਮੌਕੇ ਜਤਿੰਦਰ ਸ਼ਰਮਾ ਨੇ ਬੋਲਦੇ ਕਿਹਾ ਕਿ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦਾ ਜੀਵਨ ਉਨ੍ਹਾਂ ਦੀ ਵਿਚਾਰਧਾਰਾ ਤੇ ਉਹਨਾਂ ਵੱਲੋਂ ਦਿੱਤੀ ਸਿੱਖਿਆਵਾ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਨੇ ਰਮਾਇਣ ਲਿੱਖੀ, ਸੀਤਾ ਮਾਤਾ ਦੇ ਲਵ, ਕੁਸ਼ ਦਾ ਜਨਮ ਵਾਲਮੀਕਿ ਮੰਦਿਰ ਵਿੱਚ ਹੋਇਆ। ਉਨ੍ਹਾਂ ਨੇ ਹਰ ਧਰਮ ਦਾ ਪੂਰਾ ਸਤਿਕਾਰ ਦਿੱਤਾ।

ਸਭ ਦਾ ਸਾਥ ਦਿੱਤਾ। ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮਾਜ ਵਿੱਚ ਸਦਭਾਵਨਾ ਸਨਮਾਨਤਾ ਤੇ ਏਕਤਾ ਨੂੰ ਮਜਬੂਤ ਕਰਨ ਲਈ ਹਮੇਸ਼ਾ ਸਾਡਾ ਪ੍ਰੇਰਨਾ ਦਾ ਸਰੋਤ ਰਹਿਣਗੀਆਂ। ਸਾਨੂੰ ਉਨਾਂ ਦੇ ਰਸਤੇ ਤੇ ਚਲ ਕੇ ਸਮਾਜ ਭਲਾਈ ਤੇ ਲੋਕਾਂ ਦੀ ਸੇਵਾ ਦੇ ਰਾਹ ਇੱਕ ਦਾ ਸਾਥ ਦੇਣਾ ਚਾਹੀਦਾ ਹੈ ਤੇ ਉਨ੍ਹਾਂ ਨੇ ਸਨਮਾਨਿਤ ਕਰਨ ਤੇ ਪਟਿਆਲਾ ਦੀਆਂ ਵੱਖ—ਵੱਖ ਵਾਲਮੀਕਿ ਸੰਸਥਾਵਾਂ ਦਾ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਸਾਡੀ ਟੀਮ ਹਮੇਸ਼ਾ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਰਹਾਂਗੇ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਪੰਜਾਬ ਚੇਅਰਮੈਨ ਵਰਸ਼ਾ ਗੋਇਲ, (ਰਿਟਾ: ਐਸ.ਐਸ.ਪੀ.) ਪਵਨ ਕੁਮਾਰ, ਚੇਅਰਮੈਨ ਰਤਨ ਮੱਟੂ, ਗੋਲਡੀ ਵਾਲਿਆ, ਅਸ਼ੋਕ ਕੁਮਾਰ, ਰੰਧਾਵਾ ਸਿੰਘ, ਰਾਮਪਾਲ, ਰਾਜਪਾਲ, ਰਾਜੇਸ਼ਵਰ, ਜਸਵੀਰ ਪਾਲ, ਸਾਹਿਲ ਬੋਕਸਰ, ਵਿਕਰਮ ਸਿੰਘ ਠਾਕੁਰ ਤੇ ਹੋਰ ਪਤਵੰਤੇ ਟੀਮ ਮੈਂਬਰਾਂ ਨੇ ਭਗਵਾਨ ਵਾਲਮੀਕਿ ਜੀ ਦਾ ਆਸ਼ਿਰਵਾਦ ਪ੍ਰਾਪਤ ਕੀਤਾ।

# ਸੀਐਚਜੇਯੂ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕਰ ਪੱਤਰਕਾਰਾਂ ਦੀਆਂ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਿਆ

## ਮੁੱਖ ਮੰਤਰੀ ਤੋਂ ਪੱਤਰਕਾਰਾਂ ਲਈ ਨਕਦ ਰਹਿਤ ਮੈਡੀਕਲ ਕਾਰਡ ਜਾਰੀ ਕਰਨ ਅਤੇ ਪੱਤਰਕਾਰ ਪੈਨਸ਼ਨ ਵਧਾਉਣ ਦੀ ਮੰਗ

**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਚੰਡੀਗੜ੍ਹ ਅਤੇ ਹਰਿਆਣਾ ਪੱਤਰਕਾਰ ਯੂਨੀਅਨ (ਸੀਐਚਜੇਯੂ) ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ ਅਤੇ ਰਾਜ ਵਿੱਚ ਪੱਤਰਕਾਰਾਂ ਲਈ ਨਕਦ ਰਹਿਤ ਮੈਡੀਕਲ ਕਾਰਡ ਜਲਦੀ ਜਾਰੀ ਕਰਨ, ਪੱਤਰਕਾਰਾਂ ਦੀ ਪੈਨਸ਼ਨ ਵਿੱਚ ਵਾਧਾ ਕਰਨ, ਸਾਰੇ ਪੱਤਰਕਾਰਾਂ ਨੂੰ ਮਾਨਤਾ ਪ੍ਰਦਾਨ ਕਰਨ ਲਈ ਪ੍ਰੈਸ ਮਾਨਤਾ ਨਿਯਮਾਂ ਅਤੇ ਪੱਤਰਕਾਰ ਪੈਨਸ਼ਨ ਨਿਯਮਾਂ ਨੂੰ ਸਰਲ ਬਣਾਉਣ, ਛੋਟੇ ਅਤੇ ਦਰਮਿਆਨੇ ਅਖ਼ਬਾਰਾਂ ਲਈ ਨਿਯਮਤ ਇਸ਼ਤਿਹਾਰ, ਅਤੇ ਪੱਤਰਕਾਰਾਂ ਲਈ ਮੁਫਤ ਬੱਸ ਸੇਵਾਵਾਂ ਤੇ ਕਿਲੋਮੀਟਰ ਸੀਮਾ ਹਟਾਉਣ ਦੀ ਮੰਗ ਕੀਤੀ, ਨਾਲ ਹੀ ਪੱਤਰਕਾਰਾਂ ਦੀਆਂ ਹੋਰ ਸਾਰੀਆਂ ਲੰਬਿਤ ਮੰਗਾਂ ਨੂੰ ਜਲਦੀ ਲਾਗੂ ਕੀਤਾ ਜਾਵੇ। ਯੂਨੀਅਨ ਦੇ ਪ੍ਰਧਾਨ ਰਾਮ ਸਿੰਘ ਬਰਾੜ ਅਤੇ ਚੇਅਰਮੈਨ ਬਲਵੰਤ ਤਕਸ਼ਕ ਦੀ ਅਗਵਾਈ ਵਿੱਚ ਸੀਐਚਜੇਯੂ ਦੇ ਇੱਕ ਵਫ਼ਦ ਨੇ ਮੁੱਖ ਮੰਤਰੀ ਦੇ ਨਿਵਾਸ ਸਥਾਨ ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ ਅਤੇ ਪੱਤਰਕਾਰਾਂ ਦੀਆਂ ਲੰਬਿਤ ਮੰਗਾਂ ਸੰਬੰਧੀ ਇੱਕ ਮੰਗ ਪੱਤਰ ਸੌਂਪਿਆ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਸੌਂਪੇ ਗਏ ਇੱਕ ਮੰਗ ਪੱਤਰ ਵਿੱਚ, ਚੰਡੀਗੜ੍ਹ ਅਤੇ ਹਰਿਆਣਾ ਪੱਤਰਕਾਰ ਯੂਨੀਅਨ (ਸੀਐਚਜੇਯੂ) ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਰਾਜ ਵਿੱਚ ਪੱਤਰਕਾਰਾਂ ਲਈ ਕਰਮਚਾਰੀਆਂ ਵਾਂਗ ਹੀ ਨਕਦ ਰਹਿਤ ਡਾਕਟਰੀ ਸਹੂਲਤਾਂ ਦਾ ਐਲਾਨ ਕੀਤਾ ਹੈ। ਇਹ ਯੋਜਨਾ ਅਜੇ ਤੱਕ ਲਾਗੂ ਨਹੀਂ ਹੋਈ ਅਤੇ ਪੱਤਰਕਾਰਾਂ ਨੂੰ ਨਕਦ ਰਹਿਤ ਮੈਡੀਕਲ ਕਾਰਡ ਨਹੀਂ ਮਿਲੇ ਹਨ। ਸੀਐਚਜੇਯੂ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਰਾਜ ਦੇ ਸਾਰੇ ਪੱਤਰਕਾਰਾਂ ਨੂੰ ਜਲਦੀ ਹੀ ਨਕਦ ਰਹਿਤ ਮੈਡੀਕਲ ਕਾਰਡ ਜਾਰੀ ਕਰਨ। ਸੀਐਚਜੇਯੂ ਨੇ ਮੁੱਖ ਮੰਤਰੀ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਰੋਜ਼ਾਨਾ, ਹਫਤਾਵਾਰੀ, ਪੰਦਰਵਾੜੇ ਅਤੇ ਮਾਸਿਕ ਅਖ਼ਬਾਰਾਂ ਦੇ ਪੱਤਰਕਾਰਾਂ ਨੂੰ ਪਹਿਲਾਂ ਵਾਂਗ ਮਾਨਤਾ ਕਾਰਡ ਜਾਰੀ ਕਰਨ ਅਤੇ ਛੋਟੇ ਅਤੇ ਦਰਮਿਆਨੇ ਅਖ਼ਬਾਰਾਂ ਲਈ ਨਿਯਮਤ ਇਸ਼ਤਿਹਾਰ ਯਕੀਨੀ ਬਣਾਉਣ । ਯੂਨੀਅਨ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਰਾਜ ਸਰਕਾਰ ਹਰਿਆਣਾ ਦੇ ਪੱਤਰਕਾਰਾਂ ਨੂੰ 15,000/- ਮਹੀਨਾਵਾਰ ਪੈਨਸ਼ਨ ਪ੍ਰਦਾਨ ਕਰ ਰਹੀ ਹੈ। ਐਮਰਜੈਂਸੀ ਦੌਰਾਨ ਕੈਦ ਕੀਤੇ ਗਏ ਕਾਰਕੁਨ, ਹਿੰਦੀ ਅੰਦੋਲਨ ਵਿੱਚ ਹਿੱਸਾ ਲੈਣ ਵਾਲੇ ਕਾਰਕੁਨ ਅਤੇ ਪੱਤਰਕਾਰਾਂ ਨੂੰ ਹਮੇਸ਼ਾ ਇੱਕੋ ਜਿਹੀ ਪੈਨਸ਼ਨ ਮਿਲੀ ਹੈ । ਹਾਲ ਹੀ ਵਿੱਚ, ਰਾਜ ਸਰਕਾਰ ਨੇ ਐਮਰਜੈਂਸੀ ਦੌਰਾਨ ਤਸ਼ੱਦਦ ਝੱਲਣ ਵਾਲਿਆਂ ਅਤੇ ਹਿੰਦੀ ਅੰਦੋਲਨ ਵਿੱਚ ਹਿੱਸਾ ਲੈਣ ਵਾਲਿਆਂ ਦੀਆਂ ਪੈਨਸ਼ਨਾਂ ਵਿੱਚ ਵਾਧਾ ਕੀਤਾ ਹੈ। ਹਾਲਾਂਕਿ, ਪੱਤਰਕਾਰਾਂ ਦੀਆਂ ਪੈਨਸ਼ਨਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਹੁਣ, ਦੂਜੇ ਰਾਜਾਂ ਦੇ ਪੱਤਰਕਾਰਾਂ ਨੂੰ ਹਰਿਆਣਾ ਨਾਲੋਂ ਵੱਧ ਪੈਨਸ਼ਨ ਮਿਲ ਰਹੀ ਹੈ, ਇਸ ਲਈ ਹਰਿਆਣਾ ਦੇ ਪੱਤਰਕਾਰਾਂ ਦੀ ਪੈਨਸ਼ਨ ਤੁਰੰਤ ਵਧਾਈ ਜਾਣੀ ਚਾਹੀਦੀ ਹੈ। ਸੀਐਚਜੇਯੂ ਨੇ ਮੁੱਖ ਮੰਤਰੀ ਨੂੰ ਪ੍ਰੈਸ ਮਾਨਤਾ ਅਤੇ ਪੱਤਰਕਾਰ ਪੈਨਸ਼ਨ ਨਿਯਮਾਂ ਨੂੰ ਸਰਲ ਬਣਾਉਣ ਦੀ ਵੀ ਅਪੀਲ ਕੀਤੀ ਤਾਂ ਜੋ ਹੋਰ ਪੱਤਰਕਾਰ ਮਾਨਤਾ ਪ੍ਰਾਪਤ ਕਰ ਸਕਣ ਅਤੇ ਪੈਨਸ਼ਨ ਸਕੀਮ ਦਾ ਲਾਭ ਲੈ ਸਕਣ।

ਇਸ ਤੋਂ ਇਲਾਵਾ, ਸੀਐਚਜੇਯੂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਪੱਤਰਕਾਰਾਂ ਦੀ ਮੁਫਤ ਬੱਸ ਸੇਵਾ ਤੇ ਕਿਲੋਮੀਟਰ ਦੀ ਸੀਮਾ ਨੂੰ ਹਟਾਉਣ ਸਮੇਤ ਹੋਰ ਸਾਰੀਆਂ ਲੰਬਿਤ ਮੰਗਾਂ ਨੂੰ ਲਾਗੂ ਕਰਨ ਵਿੱਚ ਤੇਜ਼ੀ ਲਿਆਉਣ। ਸੀਐਚਜੇਯੂ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਯੂਨੀਅਨ ਦੇ ਵਫ਼ਦ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਪੱਤਰਕਾਰਾਂ ਦੀਆਂ ਮੰਗਾਂ ਪ੍ਰਤੀ ਬਹੁਤ ਸਕਾਰਾਤਮਕ ਸਨ।

# ਲੜਕੀਆਂ ਵੱਲੋਂ ਭਾਗ ਲੈਣਾ ਸ਼ਲਾਘਾਯੋਗ ਕਦਮ : ਡਾ. ਅਨਹਦ ਗਿੱਲ




**ਪਟਿਆਲਾ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ਼ ਕਾਲਜ ਕਰਹਾਲੀ ਸਾਹਿਬ ਵਿਖੇ ਐੱਨ.ਐੱਸ.ਐੱਸ. ਵਿਭਾਗ ਵੱਲੋਂ ਸੱਤ ਰੋਜ਼ਾ ਵਿਸ਼ੇਸ਼ ਕੈਂਪ ਦਾ ਆਗਾਜ਼ ਬੜੇ ਉਤਸ਼ਾਹ ਨਾਲ ਪ੍ਰਿੰਸੀਪਲ ਡਾ. ਰਮਨਜੀਤ ਕੌਰ ਦੀ ਅਗਵਾਈ ਹੇਠ ਕੀਤਾ ਗਿਆ। ਇਸ ਉਦਘਾਟਨੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਾ. ਅਨਹਦ ਗਿੱਲ, ਪ੍ਰੋਗਰਾਮ ਕੋਆਰਡੀਨੇਟਰ, ਐੱਨ.ਐੱਸ. ਐੱਸ. ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਐੱਨ.ਐੱਸ.ਐੱਸ. ਦਾ ਮੁੱਖ ਮੰਤਵ ਮੈਂ ਨਹੀਂ, ਤੂੰ ਹੈ। ਐੱਨ.ਐੱਸ.ਐੱਸ. ਸਿਰਫ਼ ਇੱਕ ਸਕੀਮ ਨਹੀਂ, ਸਗੋਂ ਸੇਵਾ ਭਾਵਨਾ ਦਾ ਪ੍ਰਤੀਕ ਹੈ। ਇਸ ਨਾਲ ਵਿਦਿਆਰਥੀਆਂ ਵਿੱਚ ਸਮਾਜ ਸੇਵਾ ਪ੍ਰਤੀ ਜ਼ਿੰਮੇਵਾਰੀ, ਅਨੁਸ਼ਾਸਨ ਅਤੇ ਮਾਨਵਤਾ ਦੀ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਕੈਂਪ ਰਾਹੀਂ ਲੜਕੀਆਂ ਨੂੰ ਸਮਾਜ ਦੀਆਂ ਅਸਲ ਸਮੱਸਿਆਵਾਂ ਨੂੰ ਨੇੜਿਓਂ ਸਮਝਣ ਦਾ ਮੌਕਾ ਮਿਲੇਗਾ ਅਤੇ ਉਹ ਚੰਗੇ ਨਾਗਰਿਕ ਬਣ ਕੇ ਸਮਾਜ ਦੀ ਸੇਵਾ ਕਰ ਸਕਣਗੀਆਂ। ਉਨ੍ਹਾਂ ਨੇ ਕੈਂਪ ਦੀ ਸਫ਼ਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਾਲਜ ਪ੍ਰਬੰਧਕਾਂ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰੋਫ਼ੈਸਰ ਅਰਸ਼ਪ੍ਰੀਤ ਕੌਰ, ਪ੍ਰੋਗਰਾਮ ਅਫ਼ਸਰ, ਐੱਨ.ਐੱਸ.ਐੱਸ. ਵਿਭਾਗ ਨੇ ਕੀਤੀ। ਉਨ੍ਹਾਂ ਨੇ ਕੈਂਪ ਦੇ ਸੱਤ ਦਿਨਾਂ ਦੇ ਪ੍ਰੋਗਰਾਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਵਿੱਚ 50 ਤੋਂ ਵੱਧ ਲੜਕੀਆਂ ਭਾਗ ਲੈ ਰਹੀਆਂ ਹਨ। ਇਸ ਦੌਰਾਨ ਵੱਖ-ਵੱਖ ਵਿਸ਼ਿਆਂ 'ਤੇ ਸੈਮੀਨਾਰ, ਰੈਲੀਆਂ, ਸਫ਼ਾਈ ਮੁਹਿੰਮਾਂ, ਸੱਭਿਆਚਾਰਕ ਪ੍ਰੋਗਰਾਮ ਅਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਨੂੰ ਘਰ-ਘਰ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਤਬਾਹ ਕਰ ਦਿੰਦਾ ਹੈ। ਇਸ ਲਈ ਨੌਜਵਾਨਾਂ ਨੂੰ ਖੇਡਾਂ ਅਤੇ ਪੜ੍ਹਾਈ ਨਾਲ ਜੁੜ ਕੇ ਆਪਣੇ ਭਵਿੱਖ ਨੂੰ ਉੱਜਵਲ ਬਣਾਉਣਾ ਚਾਹੀਦਾ ਹੈ। ਸੱਤ ਰੋਜ਼ਾ ਕੈਂਪ ਦੌਰਾਨ ਨਸ਼ਿਆਂ ਦੀ ਰੋਕਥਾਮ, ਦੂਸ਼ਿਤ ਹੁੰਦੇ ਵਾਤਾਵਰਨ ਦੀ ਸੰਭਾਲ, ਔਰਤਾਂ ਉੱਪਰ ਹੁੰਦੀ ਹਿੰਸਾ ਦੀ ਰੋਕਥਾਮ, ਪੰਜਾਬ ਪੁਲਿਸ ਵੱਲੋਂ ਦਿੱਤੀਆਂ ਜਾ ਰਹੀਆਂ ਸਾਂਝ ਸੁਵਿਧਾਵਾਂ ਬਾਰੇ ਜਾਣਕਾਰੀ, ਟ੍ਰੈਫ਼ਿਕ ਨਿਯਮਾਂ ਦੀ ਪਾਲਣਾ, ਸਿਹਤ ਅਤੇ ਸਫ਼ਾਈ, ਬੇਟੀ ਬਚਾਓ ਬੇਟੀ ਪੜ੍ਹਾਓ ਵਰਗੇ ਅਹਿਮ ਵਿਸ਼ਿਆਂ 'ਤੇ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਪਿੰਡ ਵਿੱਚ ਸਫ਼ਾਈ ਮੁਹਿੰਮ, ਪੌਦੇ ਲਗਾਉਣ, ਲੋਕਾਂ ਨੂੰ ਵੋਟ ਦੇ ਅਧਿਕਾਰ ਅਤੇ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨ ਵਰਗੇ ਕਾਰਜ ਵੀ ਕੀਤੇ ਜਾਣਗੇ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਫਾਜ਼ਿਲਕਾ ਦੇ ਆਪ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੇ ਹੱਕ ਵਿਚ 100 ਤੋਂ ਵੱਧ ਸਰਪੰਚਾਂ ਦੀ ਹੋਈ ਮੀਟਿੰਗ



**ਫਾਜ਼ਿਲਕਾ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਵੇਂ ਜਿਵੇਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਓਵੇਂ ਓਵੇਂ ਚੋਣ ਸਰਗਰਮੀਆਂ ਭਖਦੀਆਂ ਜਾ ਰਹੀਆਂ ਹਨ। ਇਸੇ ਤਹਿਤ ਹਲਕਾ ਫਾਜ਼ਿਲਕਾ ਨਾਲ ਸੰਬੰਧਤ 100 ਤੋਂ ਵੱਧ ਸਰਪੰਚਾਂ ਦੀ ਇਕ ਮੀਟਿੰਗ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੇ ਦਫਤਰ ਵਿਖੇ ਹੋਈ। ਜਿੱਥੇ ਫਾਜ਼ਿਲਕਾ ਹਲਕੇ ਦੇ ਵੱਖ ਵੱਖ ਪਿੰਡਾਂ ਤੋਂ 100 ਤੋਂ ਵੱਧ ਸਰਪੰਚ ਸ਼ਾਮਿਲ ਹੋਏ। ਮੀਟਿੰਗ ਵਿਚ ਪਹੁੰਚੇ ਸਮੂਹ ਸਰਪੰਚਾਂ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਰਵਾਏ ਗਏ ਕੰਮਾਂ ਉਪਰ ਖੁਸ਼ੀ ਜ਼ਾਹਿਰ ਕੀਤੀ। ਸਮੂਹ ਸਰਪੰਚਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੋ ਗਰੰਟੀਆਂ ਕੀਤੀਆਂ ਗਈਆਂ ਸਨ, ਉਹ ਸਾਰੀਆਂ ਪੂਰੀਆਂ ਹੋ ਚੁੱਕੀਆਂ ਹਨ।

ਸਰਪੰਚ ਯੂਨੀਅਨ ਦੇ ਪ੍ਰਧਾਨ ਸ. ਗੁਰਮੀਤ ਸਿੰਘ ਬਾਧਾ ਨੇ ਕਿਹਾ ਕਿ ਹਲਕਾ ਫਾਜ਼ਿਲਕਾ ਤੋਂ ਆਪ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਪੌਣੇ ਪੰਜ ਸਾਲਾਂ ਵਿਚ ਕਰੋੜਾਂ ਦੀਆਂ ਗ੍ਰਾਂਟਾ ਪਾਸ ਕਰਵਾ ਕੇ ਹਲਕੇ ਵਿਚ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਗਏ ਹਨ, ਜਿਸ ਤੋਂ ਆਮ ਲੋਕ ਬਹੁਤ ਖੁਸ਼ ਹਨ।ਜਦੋਂ ਵੀ ਕਿਸੇ ਸਰਪੰਚ ਜਾਂ ਆਮ ਵਿਅਕਤੀ ਨੂੰ ਕੋਈ ਮੁਸ਼ਕਲ ਆਈ ਹੈ ਜਾਂ ਕਿਸੇ ਨੂੰ ਵੀ ਕੋਈ ਲੋੜ ਪਈ ਹੈ ਤਾਂ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਨਾਲ ਦੀ ਨਾਲ ਹੀ ਮੁਸ਼ਕਲ ਦਾ ਹੱਲ ਕਰਵਾਇਆ ਗਿਆ ਹੈ। ਇਸ ਮੌਕੇ ਜ਼ੋਨ 2 ਦੇ ਸਰਪੰਚ ਯੂਨੀਅਨ ਪ੍ਰਧਾਨ ਸ਼੍ਰੀ ਸੁਰਿੰਦਰ ਅਹੂਜਾ ਨੇ ਕਿਹਾ ਕਿ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੇ ਪੌਣੇ ਪੰਜ ਸਾਲ ਦੇ ਕਾਰਜਕਾਲ ਦੌਰਾਨ ਸਾਰੀਆਂ ਲੋਕ ਭਲਾਈ ਸਕੀਮਾਂ ਲੋਕਾਂ ਤੱਕ ਪਹੁੰਚੀਆਂ ਹਨ।ਇਸ ਤੋਂ ਬਾਅਦ ਜ਼ੋਨ 3 ਦੇ ਪ੍ਰਧਾਨ ਸੁਰਿੰਦਰ ਕੰਬੋਜ ਨੇ ਕਿਹਾ ਕਿ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੀ ਅਗਵਾਈ ਵਿਚ ਅੱਜ ਪਹਿਲੀ ਵਾਰ ਫਾਜ਼ਿਲਕਾ ਦੀਆਂ ਟੇਲਾਂ ਤੇ ਖੇਤਾਂ ਵਿਚ ਪੂਰਾ ਨਹਿਰੀ ਪਾਣੀ ਪਹੁੰਚਿਆ ਹੈ, ਇਸ ਤੋਂ ਇਲਾਵਾ ਨਵੀਆਂ ਨਹਿਰਾਂ ਅਤੇ ਵੱਡੀ ਗਿਣਤੀ ਵਿਚ ਨਵੇਂ ਖਾਲੇ ਬਣਾਏ ਗਏ ਹਨ, ਜਿਸ ਤੋਂ ਕਿਸਾਨ ਬਹੁਤ ਖੁਸ਼ ਹਨ। ਜ਼ੋਨ 4 ਤੋਂ ਸਰਪੰਚ ਯੂਨੀਅਨ ਪ੍ਰਧਾਨ ਸੁਮਨ ਸਿੰਘ ਨੇ ਕਿਹਾ ਕਿ ਸਾਲ 2023 ਅਤੇ ਸਾਲ 2025 ਵਿਚ ਆਏ ਹੜ੍ਹਾਂ ਵਿਚ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਵੱਲੋਂ ਪਰਿਵਾਰ ਸਮੇਤ ਡੇਢ ਡੇਢ ਮਹੀਨਾ ਲੋਕਾਂ ਦੀ ਸੇਵਾ ਕੀਤੀ ਗਈ ਸੀ। ਬੇੜੀਆਂ ਰਾਹੀਂ ਲੋਕਾਂ ਤੱਕ ਰਾਹਤ ਸਮਗਰੀ ਪਹੁੰਚਾਈ ਗਈ। ਲੋਕਾਂ ਦੇ ਵਿਚ ਰਹਿ ਕੇ ਲੋਕਾਂ ਨੂੰ ਮੁਸੀਬਤ ਤੋਂ ਬਚਾਇਆ। ਇਸ ਤੋਂ ਪਹਿਲਾਂ ਵੀ ਕਈ ਵਾਰ ਹੱੜ ਆ ਚੁੱਕੇ ਹਨ ਪਰ ਕਿਸੇ ਵੀ ਲੀਡਰ ਨੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੀ ਤਰਾਂ ਲੋਕਾਂ ਦੀ ਬਾਂਹ ਨਹੀਂ ਫੜੀ ਸੀ।ਸਵਨਾ ਵੱਲੋਂ ਹੱੜਾਂ ਦੌਰਾਨ ਲੋਕਾਂ ਦੀ ਕੀਤੀ ਗਈ ਸੇਵਾ ਤੋਂ ਬਾਰਡਰ ਪੱਟੀ ਦੇ ਲੋਕ ਬਹੁਤ ਖੁਸ਼ ਹਨ।

ਇਨ੍ਹਾਂ ਸਾਰੇ ਆਗੂਆਂ ਦੇ ਨਾਲ ਨਾਲ ਸਮੁੱਚੇ ਸਰਪੰਚਾਂ ਨੇ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਫੈਸਲਾ ਕੀਤਾ ਅਤੇ ਸਾਰਿਆਂ ਨੇ ਇਕ ਸੁਰ ਵਿਚ ਕਿਹਾ ਕਿ ਸਾਰੇ ਪੂਰੀ ਮਿਹਨਤ ਦੇ ਨਾਲ ਦੁਬਾਰਾ ਫੇਰ ਸ. ਨਰਿੰਦਰਪਾਲ ਸਿੰਘ ਸਵਨਾ ਨੂੰ ਫਾਜ਼ਿਲਕਾ ਤੋਂ ਵੱਡੀ ਲੀਡ ਨਾਲ ਜਿੱਤਾ ਵਿਧਾਇਕ ਬਣਾ ਕੇ, ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਾਉਣਗੇ ਅਤੇ ਪੰਜਾਬ ਦੇ ਲੋਕ ਪੰਜਾਬ ਵਿਚ ਦੁਬਾਰਾ ਫੇਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਸ. ਭਗਵੰਤ ਸਿੰਘ ਮਾਨ ਨੂੰ ਦੁਬਾਰਾ ਪੰਜਾਬ ਦਾ ਮੁੱਖ ਮੰਤਰੀ ਬਣਾਉਣਗੇ।ਇਸ ਮੌਕੇ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਸਮੁੱਚੇ ਸਰਪੰਚ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਿਸ ਤਰਾਂ ਉਹ ਪਹਿਲਾਂ ਲੋਕਾਂ ਦੀ ਸੇਵਾ ਕਰ ਰਹੇ ਹਨ।

# 30 ਅਕਤੂਬਰ ਨੂੰ ਲੋਕ ਮਿਲਣੀ ਲਈ ਸੁਖਬੀਰ ਬਾਦਲ ਪਹੁੰਚ ਰਹੇ ਹਨ ਸਮਾਣਾ : ਜਗਮੀਤ ਹਰਿਆਊ



**ਪਟਿਆਲਾ, 27 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਾਣਾ ਦੇ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਦੱਸਿਆ ਕਿ ਹਲਕਾ ਸਮਾਣਾ ਦੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਨ ਲਈ ਸੁਖਬੀਰ ਸਿੰਘ 30 ਅਕਤੂਬਰ ਨੂੰ ਲੋਕ ਮਿਲਣੀ ਸਮਾਗਮ ਵਿਚ ਸਮਾਣਾ ਪਹੁੰਚ ਰਹੇ ਹਨ। ਉਹ ਬਾਅਦ ਦੁਪਿਹਰ 2 ਵਜੇ ਸਮਾਣਾ ਪਹੁੰਚਣਗੇ ਅਤੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨਗੇ। ਆਮ ਆਦਮੀ ਪਾਰਟੀ ਵਲੋਂ ਠੱਪ ਕੀਤੇ ਗਏ ਵਿਕਾਸ ਕਾਰਜ ਅਤੇ ਲੋਕਾਂ ’ਤੇ ਕੀਤੇ ਜਾ ਰਹੇ ਝੂਠੇ ਪਰਚਿਆਂ ਖਿਲਾਫ ਆਵਾਜ਼ ਬੁਲੰਦ ਕੀਤੀ ਜਾਵੇਗੀ। ਸਮਾਣਾ ਦੇ ਲੋਕ ਸੁਖਬੀਰ ਸਿੰਘ ਬਾਦਲ ਨੂੰ ਆਮ ਆਦਮੀ ਪਾਰਟੀ ਵਲੋਂ ਕੀਤੇ ਜਾ ਰਹੇ ਜ਼ੁਲਮਾਂ ਬਾਰੇ ਜਾਣਕਾਰੀ ਦੇਣਗੇ।

ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਆਮਦ ਪ੍ਰਤੀ ਸਮਾਣਾ ਦੇ ਲੋਕਾਂ ਵਿਚ ਭਾਰੀ ਉਤਸ਼ਾਹ ਹੈ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਨੱਸੂਪੁਰ, ਅਜੈਬ ਸਿੰਘ ਮੱਲ੍ਹੀ, ਮਲਕੀਤ ਸਿੰਘ ਲਾਡੀ ਚੀਮਾ ਧਰਮਹੇੜੀ, ਗੋਪਾਲ ਸ਼ਰਮਾ, ਅਮਰਜੀਤ ਸਿੰਘ ਟੋਡਰਪੁਰ, ਨਿਸ਼ਾਨ ਸਿੰਘ ਸੰਧੂ, ਸਤੀਸ਼ ਪੱਪੀ ਆਦਿ ਵੀ ਹਾਜ਼ਰ ਸਨ

# 32 ਵਿਖੇ ਲੰਗਰ ਸੇਵਾ ਅਤੇ ਟ੍ਰਾਂਸਪੋਰਟ ਨਗਰ ਵਿਖੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ



**ਚੰਡੀਗੜ੍ਹ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੈਕਟਰ 32 ਸਥਿਤ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ) ਵਿੱਚ ਧੰਨ ਗੁਰੂ ਰਾਮ ਦਾਸ ਲੰਗਰ ਸੇਵਾ ਅਤੇ ਸੈਕਟਰ 26 ਸਥਿਤ ਟ੍ਰਾਂਸਪੋਰਟ ਨਗਰ ਦਾ ਦੌਰਾ ਕੀਤਾ। ਉਨ੍ਹਾਂ ਨੇ ਲੰਗਰ ਸੇਵਾ ਦੀ ਸਮੀਖਿਆ ਕੀਤੀ ਅਤੇ ਟ੍ਰਾਂਸਪੋਰਟ ਨਗਰ ਵਿੱਚ ਚਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਅਤੇ ਟਰੱਕ ਡ੍ਰਾਇਵਰਾਂ ਅਤੇ ਸੈਲਾਨੀਆਂ ਲਈ ਉਪਲਬਧ ਸੁਵਿਧਾਵਾਂ ਦਾ ਜਾਇਜ਼ਾ ਲਿਆ।

ਸੈਕਟਰ 26 ਸਥਿਤ ਟ੍ਰਾਂਸਪੋਰਟ ਨਗਰ ਵਿੱਚ ਪ੍ਰਸ਼ਾਸਕ ਨੇ ਵੇਬ੍ਰਿਜ (ਧਰਮਕੰਡਾ) ਸਹਿਤ ਚਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਸਬੰਧਿਤ ਅਧਿਕਾਰੀਆਂ ਨੂੰ ਬੁਨਿਆਦੀ ਢਾਂਚੇ, ਸੁਰੱਖਿਆ ਅਤੇ ਜਨ ਸੁਵਿਧਾਵਾਂ ਵਿੱਚ ਸੁਧਾਰ ਲਈ ਜ਼ਰੂਰੀ ਕਦਮ ਤੇਜ਼ੀ ਨਾਲ ਉਠਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਖੇਤਰ ਵਿੱਚ ਬਿਹਤਰ ਸੁਰੱਖਿਆ ਅਤੇ ਨਿਗਰਾਨੀ ਸੁਨਿਸ਼ਚਿਤ ਕਰਨ ਲਈ ਪੁਲਿਸ ਕਰਮੀਆਂ ਦੀ ਤੈਨਾਤੀ ਵਧਾਉਣ ਅਤੇ ਪ੍ਰਵੇਸ਼ ਅਤੇ ਨਿਕਾਸ ਸਥਾਨਾਂ ’ਤੇ ਬੈਰੀਕੇਡਿੰਗ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਟ੍ਰਾਂਸਪੋਰਟ ਨਗਰ ਦੇ ਆਸਪਾਸ ਅਣਅਧਿਕਾਰਿਤ ਤੌਰ ’ਤੇ ਰੇਹੜੀ-ਫੜ੍ਹੀ ਲਗਾਉਣ ਵਾਲਿਆਂ ਦੇ ਖ਼ਿਲਾਫ਼ ਸਬੰਧਿਤ ਅਧਿਕਾਰੀਆਂ ਨੂੰ ਉਚਿਤ ਕਾਰਵਾਈ ਕਰਨ ਲਈ ਵੀ ਕਿਹਾ।

ਟਰੱਕ ਡ੍ਰਾਇਵਰਾਂ ਅਤੇ ਸੈਲਾਨੀਆਂ ਲਈ ਬਿਹਤਰ ਸੁਵਿਧਾਵਾਂ ਦੀ ਜ਼ਰੂਰਤ ’ਤੇ ਜ਼ੋਰ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਅਧਿਕਾਰੀਆਂ ਨੂੰ ਟ੍ਰਾਂਸਪੋਰਟ ਨਗਰ ਵਿੱਚ ਕੰਟੀਨ ਦੀ ਸੁਵਿਧਾ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਖੇਤਰ ਦੇ ਸਮੁੱਚੇ ਸੰਚਾਲਨ ਅਤੇ ਪ੍ਰਬੰਧਨ ਵਿੱਚ ਸੁਧਾਰ ਲਈ ਪ੍ਰਭਾਵੀ ਤਾਲਮੇਲ ਅਤੇ ਸਮਾਂਬੱਧ ਕਾਰਵਾਈ ਸੁਨਿਸ਼ਚਿਤ ਕਰਨ ’ਤੇ ਬਲ ਦਿੱਤਾ।

ਇਸ ਤੋਂ ਪਹਿਲਾਂ, ਜੀਐੱਮਸੀਐਚ-32 ਵਿੱਚ ਪ੍ਰਸ਼ਾਸਕ ਨੇ ਧੰਨ ਗੁਰੂ ਰਾਮ ਦਾਸ ਲੰਗਰ ਸੇਵਾ ਦੀ ਸਮੀਖਿਆ ਕੀਤੀ। ਇਹ ਸੇਵਾ ਹਸਪਤਾਲ ਵਿੱਚ ਆਪਣੇ ਪਰਿਵਾਰਿਕ ਮੈਂਬਰਾਂ ਦੇ ਇਲਾਜ ਦੇ ਦੌਰਾਨ ਲੰਬੇ ਸਮੇਂ ਤੱਕ ਰੁਕਣ ਵਾਲੇ ਮਰੀਜ਼ਾਂ ਦੇ ਤੀਮਾਰਦਾਰਾਂ ਅਤੇ ਹੋਰ ਲੋੜਵੰਦ ਸੈਲਾਨੀਆਂ ਨੂੰ ਮੁਫ਼ਤ ਭੋਜਨ ਉਪਲਬਧ ਕਰਵਾਉਂਦੀ ਹੈ। ਸ਼੍ਰੀ ਕਟਾਰੀਆ ਨੇ ਇਸ ਸੇਵਾ ’ਤੇ ਤਸੱਲੀ ਪ੍ਰਗਟ ਕਰਦੇ ਹੋਏ ਕਠਿਨ ਪਰਿਸਥਿਤੀਆਂ ਵਿੱਚ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰਨ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ।

# ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹਨ: ਵਿਧਾਇਕ ਕੁਲਵੰਤ ਸਿੰਘ ਬਾਜੀਗਰ



**ਪਾਤੜਾਂ, 27 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਵਿੱਤਰ ਮਹਾਂਕਾਵਿ ’ਰਾਮਾਇਣ’ ਦੇ ਰਚੇਤਾ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪਵਿੱਤਰ ਪ੍ਰਗਟ ਦਿਵਸ ਦੇ ਸ਼ੁਭ ਅਵਸਰ ’ਤੇ ਹਲਕਾ ਸੁਤਰਾਣਾ ਤੋਂ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਵਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਆਯੋਜਿਤ ਧਾਰਮਿਕ ਸਮਾਗਮਾਂ ਵਿੱਚ ਉਚੇਚੇ ਤੌਰ ’ਤੇ ਹਾਜ਼ਰੀ ਭਰੀ ਗਈ।

ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਪਿੰਡ ਹਰਿਆਊ ਖੁਰਦ, ਹਰਿਆਊ ਕਲਾਂ ਅਤੇ ਪਿੰਡ ਖਾਨੇਵਾਲ ਵਿਖੇ ਕਰਵਾਏ ਗਏ ਧਾਰਮਿਕ ਸਮਾਗਮਾਂ ਅਤੇ ਸ਼ੋਭਾ ਯਾਤਰਾਵਾਂ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਭਗਵਾਨ ਸ਼੍ਰੀ ਵਾਲਮੀਕਿ ਜੀ ਦੇ ਚਰਨਾਂ ਵਿੱਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਨ੍ਹਾਂ ਸਮਾਗਮਾਂ ਦੌਰਾਨ ਪਿੰਡਾਂ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਇਲਾਕਾ ਨਿਵਾਸੀਆਂ ਵਲੋਂ ਵਿਧਾਇਕ ਬਾਜੀਗਰ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਇਸ ਮੌਕੇ ’ਤੇ ਇਕੱਤਰ ਹੋਈਆਂ ਸਮੂਹ ਸੰਗਤਾਂ ਨੂੰ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੰਦਿਆਂ ਕਿਹਾ ਕਿ ÷ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਪੂਰੀ ਮਾਨਵਤਾ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਦੁਆਰਾ ਰਚਿਤ ’ਰਾਮਾਇਣ’ ਸਾਨੂੰ ਸੱਚ, ਧਰਮ, ਅਹਿੰਸਾ, ਆਪਸੀ ਪ੍ਰੇਮ ਅਤੇ ਭਾਈਚਾਰਕ ਸਾਂਝ ਦਾ ਮਾਰਗ ਦਿਖਾਉਂਦੀ ਹੈ। ਵਿਧਾਇਕ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਨੇ ਸਮਾਜ ਵਿੱਚੋਂ ਨਫ਼ਰਤ ਅਤੇ ਵਿਤਕਰੇ ਨੂੰ ਖ਼ਤਮ ਕਰਕੇ ਸਮਾਨਤਾ ਅਤੇ ਉੱਚੇ ਅਖਲਾਕੀ ਮੁੱਲਾਂ ਦਾ ਸੰਦੇਸ਼ ਦਿੱਤਾ ਸੀ ਅਤੇ ਅੱਜ ਦੇ ਸਮੇਂ ਵਿੱਚ ਸਾਨੂੰ ਉਨ੍ਹਾਂ ਵੱਲੋਂ ਦਰਸਾਏ ਪਵਿੱਤਰ ਮਾਰਗ ’ਤੇ ਚੱਲ ਕੇ ਇੱਕ ਆਦਰਸ਼ ਅਤੇ ਅਰੋਗ ਸਮਾਜ ਦੀ ਸਿਰਜਣਾ ਕਰਨ ਦੀ ਲੋੜ ਹੈ । ਇਸ ਮੌਕੇ ਸਰਪੰਚ ਬਚਿੱਤਰ ਸਿੰਘ ,ਸਰਪੰਚ ਗੱਜਣ ਸਿੰਘ ,ਸਰਪੰਚ ਤਲਵਿੰਦਰ ਸਿੰਘ , ਸਰਪੰਚ ਬਲਜਿੰਦਰ ਸਿੰਘ ,ਸਰਪੰਚ ਠੰਡੂ ਰਾਮ ,ਸਰਪੰਚ ਕੇਵਲ ਰਾਮ ,ਪ੍ਰਧਾਨ ਰਣਜੀਤ ਸਿੰਘ ,ਸੋਨੂੰ ਗਰਗ ,ਕੇਪੀ ਸ਼ਰਮਾ ਵੀ ਹਾਜ਼ਰ ।

# ਔਰਤਾਂ ਦੀ ਭਾਗੀਦਾਰੀ ਨਾਲ ਪਿੰਡਾਂ ਦੇ ਵਿਕਾਸ ਨੂੰ ਮਿਲੇਗੀ ਨਵੀਂ ਦਿਸ਼ਾ : ਨੀਸ਼ਾ ਚੱਢਾ



**ਰੂਪਨਗਰ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਧਰਮ ਪਤਨੀ ਮੈਡਮ ਨੀਸ਼ਾ ਚੱਢਾ ਨੇ ਨੂਰਪੁਰਬੇਦੀ ਸਥਿਤ ਵਿਧਾਇਕ ਦੇ ਦਫ਼ਤਰ ਵਿਖੇ ਬਲਾਕ ਨੂਰਪੁਰਬੇਦੀ ਦੇ ਗਰੁੱਪ-8 ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦੀਆਂ ਸਖੀਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਔਰਤਾਂ ਦੀ ਭਲਾਈ, ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਪਿੰਡਾਂ ਦੇ ਵਿਕਾਸ ਨਾਲ ਸਬੰਧਤ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿ। ਮੀਟਿੰਗ ਵਿੱਚ ਅਬਿਆਣਾ ਕਲਾਂ, ਅਬਿਆਣਾ ਖੁਰਦ, ਬਟਾਰਲਾ, ਦਹੀਰਪੁਰ, ਹਰੀਪੁਰ, ਫੂਲੜੇ, ਮਾਧੋਪੁਰ ਅਤੇ ਨੰਗਲ ਸਮੇਤ ਵੱਖ-ਵੱਖ ਪਿੰਡਾਂ ਦੀਆਂ ਸਖੀਆਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਮੈਡਮ ਨੀਸ਼ਾ ਚੱਢਾ ਨੇ ਕਿਹਾ ਕਿ ਸਮਾਜ ਦੀ ਤਰੱਕੀ ਲਈ ਔਰਤਾਂ ਦੀ ਸਰਗਰਮ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਔਰਤਾਂ ਦੀਆਂ ਲੋੜਾਂ, ਸਮੱਸਿਆਵਾਂ ਅਤੇ ਸੁਝਾਵਾਂ ਨੂੰ ਸਮਝ ਕੇ ਹੀ ਲੋਕ ਭਲਾਈ ਦੇ ਉਪਰਾਲਿਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ। ਉਨ੍ਹਾਂ ਸਖੀਆਂ ਨੂੰ ਆਪਣੇ ਆਲੇ-ਦੁਆਲੇ ਦੀਆਂ ਔਰਤਾਂ ਨੂੰ ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕ ਕਰਨ ਅਤੇ ਸਮਾਜਿਕ ਕਾਰਜਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਣਾ ਜ਼ਰੂਰੀ ਹੈ। ਇਸ ਲਈ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਹਿਮ ਹੈ।

ਮੈਡਮ ਨੀਸ਼ਾ ਚੱਢਾ ਨੇ ਹਲਕਾ ਰੂਪਨਗਰ ਵਿੱਚ ਵਿਧਾਇਕ ਦਿਨੇਸ਼ ਚੱਢਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਨੂੰ ਤਰਜੀਹ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੇ ਸਹਿਯੋਗ ਅਤੇ ਸੁਝਾਵਾਂ ਦੀ ਅਹਿਮ ਭੂਮਿਕਾ ਹੈ।

ਮੀਟਿੰਗ ਦੌਰਾਨ ਸਖੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਔਰਤਾਂ ਦੀ ਭਲਾਈ, ਪਿੰਡਾਂ ਦੀਆਂ ਲੋੜਾਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਜ਼ਿਲ੍ਹਾ ਰੂਪਨਗਰ ਦੇ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਚੇਅਰਮੈਨਾਂ ਦੀ ਮੀਟਿੰਗ ਹੋਈ



**ਰੂਪਨਗਰ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਰੂਪਨਗਰ ਦੇ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਚੇਅਰਮੈਨਾਂ ਅਤੇ ਨੁਮਾਇੰਦਿਆਂ ਦੀ ਮੀਟਿੰਗ ਜ਼ਿਲ੍ਹਾ ਇੰਚਾਰਜ ਸੰਜੀਵ ਗੌਤਮ ਅਤੇ ਯੂਥ ਵਿੰਗ ਦੇ ਜ਼ਿਲ੍ਹਾ ਇੰਚਾਰਜ ਪ੍ਰਧਾਨ ਚੇਤਨ ਕਾਲੀਆ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਵੱਖ-ਵੱਖ ਸਮਾਜਾਂ ਨਾਲ ਸਬੰਧਿਤ ਸਮੱਸਿਆਵਾਂ ਅਤੇ ਲੋਕ ਭਲਾਈ ਦੇ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਲੋਕਾਂ ਨੂੰ ਘਰ-ਘਰ ਜਾ ਕੇ ਜਾਗਰੂਕ ਕਰਨ ਲਈ ਰਣਨੀਤੀ ਵੀ ਤਿਆਰ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਇੰਚਾਰਜ ਸੰਜੀਵ ਗੌਤਮ ਨੇ ਕਿਹਾ ਕਿ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਨੁਮਾਇੰਦਿਆਂ ਦੀ ਜ਼ਿੰਮੇਵਾਰੀ ਆਪਣੇ ਸਮਾਜ ਦੀਆਂ ਸਮੱਸਿਆਵਾਂ ਨੂੰ ਉਠਾਉਣ ਦੇ ਨਾਲ-ਨਾਲ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਵੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਲੋਕਾਂ ਨੂੰ ਸਹੀ ਜਾਣਕਾਰੀ ਦੇਣੀ ਬਹੁਤ ਜ਼ਰੂਰੀ ਹੈ। ਬੋਰਡਾਂ ਦੇ ਨੁਮਾਇੰਦੇ ਆਪਣੇ ਖੇਤਰਾਂ ਵਿੱਚ ਲੋਕਾਂ ਨਾਲ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਾਂਝੇ ਯਤਨ ਕਰਨ। ਉਨ੍ਹਾਂ ਕਿਹਾ ਕਿ ਆਪਸੀ ਤਾਲਮੇਲ ਅਤੇ ਲੋਕਾਂ ਦੀ ਭਾਗੀਦਾਰੀ ਨਾਲ ਸਮਾਜਿਕ ਭਲਾਈ ਦੇ ਕੰਮਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।

ਯੂਥ ਵਿੰਗ ਦੇ ਜ਼ਿਲ੍ਹਾ ਇੰਚਾਰਜ ਪ੍ਰਧਾਨ ਚੇਤਨ ਕਾਲੀਆ ਨੇ ਕਿਹਾ ਕਿ ਨੌਜਵਾਨਾਂ ਨੂੰ ਲੋਕਾਂ ਨਾਲ ਜੁੜ ਕੇ ਸਰਕਾਰ ਦੀਆਂ ਯੋਜਨਾਵਾਂ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਬੋਰਡਾਂ ਦੇ ਨੁਮਾਇੰਦਿਆਂ ਦੇ ਸਹਿਯੋਗ ਨਾਲ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਜਾਰੀ ਰੱਖੇ ਜਾਣਗੇ।

ਮੀਟਿੰਗ ਵਿੱਚ ਰਾਜਪੂਤ ਬੋਰਡ ਦੇ ਚੇਅਰਮੈਨ ਰਜਿੰਦਰ ਰਾਣਾ, ਗੁੱਜਰ ਬੋਰਡ ਦੇ ਸ਼ਮਸ਼ੇਰ ਸਿੰਘ, ਸਵਰਨਕਾਰ ਬੋਰਡ ਦੇ ਸਾਹਿਲ ਕੁਮਾਰ, ਖੱਤਰੀ ਅਰੋੜਾ ਵੈਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਦੀਪਕ ਸੋਨੀ, ਖੱਤਰੀ ਅਰੋੜਾ ਹਲਕਾ ਚੇਅਰਮੈਨ ਰਾਹੁਲ ਸੋਨੀ, ਸਵਰਨਕਾਰ ਬੋਰਡ ਦੇ ਸ੍ਰੀ ਅਨੰਦਪੁਰ ਸਾਹਿਬ ਹਲਕਾ ਚੇਅਰਮੈਨ ਮੁਕੇਸ਼ ਵਰਮਾ, ਰਾਜਪੂਤ ਵੈਲਫੇਅਰ ਬੋਰਡ ਦੇ ਸ੍ਰੀ ਅਨੰਦਪੁਰ ਸਾਹਿਬ ਹਲਕਾ ਚੇਅਰਮੈਨ ਕਿਰਨਦੀਪ ਰਾਣਾ, ਅਗਰਵਾਲ ਵੈਲਫੇਅਰ ਬੋਰਡ ਦੇ ਚੇਅਰਮੈਨ ਰਾਕੇਸ਼ ਜਿੰਦਲ, ਗੁੱਜਰ ਵੈਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਅਤੇ ਹਲਕਾ ਰੂਪਨਗਰ ਦੇ ਨੁਮਾਇੰਦੇ ਅੱਛਰ ਸਿੰਘ ਪੰਮੂ ਅਤੇ ਕਾਰਤਿਕ ਕੌਸ਼ਲ ਸਮੇਤ ਹੋਰ ਮੈਂਬਰਾਂ ਨੇ ਭਾਗ ਲਿਆ।

# ਫਾਜ਼ਿਲਕਾ ਦੇ ਚਾਰ ਪਿੰਡਾਂ ਦੇ 400 ਤੋਂ ਵੱਧ ਕਿਸਾਨਾਂ ਨੂੰ ਖੇਤ ਬਚਾਓ ਮੁਹਿੰਮ ਤਹਿਤ ਜਾਗਰੂਕ ਕੀਤਾ ਗਿਆ




**ਫਾਜ਼ਿਲਕਾ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਿਸਾਨਾਂ ਦੀ ਖੇਤੀ ਲਾਗਤ ਘਟਾਉਣ, ਮਿੱਟੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਅਤੇ ਵਾਤਾਵਰਣ ਅਨੁਕੂਲ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ, ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਦੇ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ, ਫਾਜ਼ਿਲਕਾ, ICAR-CIPHET, ਅਬੋਹਰ ਦੇ ਸਹਿਯੋਗ ਨਾਲ, 2026-27 ਹਾੜੀ ਦੇ ਸੀਜ਼ਨ ਦੌਰਾਨ ਖੇਤ ਬਚਾਓ ਮੁਹਿੰਮ ਚਲਾ ਰਿਹਾ ਹੈ। ਇਸ ਮੁਹਿੰਮ ਤਹਿਤ, ਜ਼ਿਲ੍ਹੇ ਦੇ ਚਾਰ ਪਿੰਡਾਂ-ਪੱਟੀ ਬਿੱਲਾ, ਵਰਿਆਮ ਖੇੜਾ, ਬੱਸੀਆਂ ਅਤੇ ਗੋਵਿੰਦਗੜ੍ਹ ਵਿੱਚ ਆਯੋਜਿਤ ਚਾਰ ਜਾਗਰੂਕਤਾ ਪ੍ਰੋਗਰਾਮਾਂ ਰਾਹੀਂ 400 ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ।ਪ੍ਰੋਗਰਾਮਾਂ ਦੌਰਾਨ, ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲ, ਸੰਤੁਲਿਤ ਖਾਦ ਪ੍ਰਬੰਧਨ, ਕੀਟਨਾਸ਼ਕਾਂ ਦੀ ਸੁਰੱਖਿਅਤ ਅਤੇ ਲੋੜ-ਅਧਾਰਤ ਵਰਤੋਂ ਅਤੇ ਕੁਦਰਤੀ ਖੇਤੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਕਿਸਾਨਾਂ ਨੂੰ ਮਿੱਟੀ ਪਰਖ ਦੇ ਆਧਾਰ ’ਤੇ ਖਾਦਾਂ ਦੀ ਵਰਤੋਂ ਕਰਨ ਅਤੇ ਬੇਲੋੜੀਆਂ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਤੋਂ ਬਚਣ ਲਈ ਉਤਸ਼ਾਹਿਤ ਕੀਤਾ ਗਿਆ।

ਸੰਤੁਲਿਤ ਪੋਸ਼ਣ ਅਤੇ ਸੁਰੱਖਿਅਤ ਫਸਲ ਸੁਰੱਖਿਆ ’ਤੇ ਜ਼ੋਰਕਿਸਾਨਾਂ ਨੂੰ ਨਾਈਟ੍ਰੋਜਨ, ਫਾਸਫੋਰਸ ਅਤੇ ਪੋਟਾਸ਼ ਸਮੇਤ ਜ਼ਰੂਰੀ ਪੌਸ਼ਟਿਕ ਤੱਤਾਂ ਦੀ ਵਰਤੋਂ ਕਰਨ, ਜੈਵਿਕ ਖਾਦਾਂ ਨੂੰ ਅਪਣਾਉਣ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦਾ ਸਹੀ ਢੰਗ ਨਾਲ ਪ੍ਰਬੰਧਨ ਕਰਨ ਦੀ ਸਲਾਹ ਦਿੱਤੀ ਗਈ। ਉਨ੍ਹਾਂ ਨੂੰ ਕੀੜਿਆਂ ਅਤੇ ਬਿਮਾਰੀਆਂ ਦੀ ਨਿਯਮਤ ਨਿਗਰਾਨੀ, ਏਕੀਕ੍ਰਿਤ ਕੀਟ ਪ੍ਰਬੰਧਨ ਅਤੇ ਸਿਫ਼ਾਰਸ਼ ਕੀਤੇ ਕੀਟਨਾਸ਼ਕਾਂ ਦੀ ਸੁਰੱਖਿਅਤ ਵਰਤੋਂ ਬਾਰੇ ਵੀ ਉਠਾਇਆ ਗਿਆ।ਕੁਦਰਤੀ ਅਤੇ ਜਲਵਾਯੂ-ਲਚਕੀਲਾ ਖੇਤੀ ਦਾ ਪ੍ਰਚਾਰਮੁਹਿੰਮ ਦੌਰਾਨ, ਕਿਸਾਨਾਂ ਨੂੰ ਕੁਦਰਤੀ ਖੇਤੀ, ਪਾਣੀ ਦੀ ਸੰਭਾਲ, ਟਿਕਾਊ ਪੌਸ਼ਟਿਕ ਪ੍ਰਬੰਧਨ ਅਤੇ ਜਲਵਾਯੂ-ਲਚਕੀਲਾ ਖੇਤੀ ਅਭਿਆਸਾਂ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ ਗਿਆ।

# ਜਲਦ ਹੀ ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲੋੜਵੰਦਾਂ ਨੂੰ ਮਿਲੇਗੀ ਸਹੂਲਤ : ਵਿਧਾਇਕ ਕੁਲਵੰਤ ਸਿੰਘ ਬਾਜੀਗਰ



**ਪਾਤੜਾਂ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਸੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਹਲਕੇ ਦੇ ਪਿੰਡ ਰਸੌਲੀ ਵਿਖੇ ਪੰਜਾਬ ਸਰਕਾਰ ਦੁਆਰਾ ਚਲਾਈ ਗਈ ਸਕੀਮ ‘ਮੇਰਾ ਘਰ ਮੇਰੇ ਨਾਮ ‘ ਤਹਿਤ 350 ਲੋੜਵੰਦ ਪਰਿਵਾਰਾਂ ਨੂੰ ਮਾਲਕਾਨਾ ਦੇ ਹੱਕ ਦੇਣ ਲਈ ਸਰਟੀਫਿਕੇਟ ਵੰਡੇ ਗਏ ।

ਇਸ ਮੌਕੇ ਪਿੰਡ ਰਸੌਲੀ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਜਿਸ ਭਰੋਸੇ ਨਾਲ ਉਹਨਾਂ ਨੂੰ ਵਿਧਾਨ ਸਭਾ ਵਿੱਚ ਵੱਡੀ ਲੀਡ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਿਆ ਗਿਆ ਹੈ ਉਸ ਭਰੋਸੇ ਨੂੰ ਕਾਇਮ ਰੱਖਦਿਆਂ ਉਹਨਾਂ ਨੇ ਹਲਕਾ ਸੁਤਰਾਣਾ ਦੇ ਮੁੱਖ ਮੁੱਦਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣ ਲਈ ਸਰਕਾਰ ਕੋਲ ਮੁੱਦਾ ਉਠਾਇਆ ਹੈ ਜਿਸ ਵਿੱਚ ਘੱਗਰ ਦੀ ਮਾਰ ਨੂੰ ਠੱਲ੍ਹ ਪਾਉਣ ਲਈ ਉਸਦਾ ਸਥਾਈ ਹੱਲ, ਪਾਤੜਾਂ ਸ਼ਹਿਰ ਨੂੰ ਨਵੀਂ ਅਨਾਜ ਮੰਡੀ , ਜ਼ਿਮੀਦਾਰਾਂ ਭਰਾਵਾਂ ਨੂੰ ਨਹਿਰੀ ਪਾਣੀ , ਹਲਕੇ ਅੰਦਰ ਸੜਕਾਂ ਦਾ ਜਾਲ ਵਿਛਾਉਣਾ, ਪਿੰਡਾਂ ਦੇ ਨੌਜਵਾਨ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਸਟੇਡੀਅਮ ਆਦਿ ਬਣਾਉਣ ਲਈ ਯਤਨ ਕੀਤੇ ਗਏ ਹਨ । ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਹਲਕਾ ਸੁਤਰਾਣਾ ਅੰਦਰ ਬਹੁਤੇ ਪਰਿਵਾਰਾਂ ਦੇ ਮਕਾਨ ਅਜੇ ਵੀ ਖਸਤਾ ਹਾਲਤ ਵਿੱਚ ਹਨ ਜਿਹਨਾਂ ਨੂੰ ਜਲਦੀ ਹੀ ਪੱਕੇ ਮਕਾਨ ਬਣਾਉਣ ਦੀ ਸਹੂਲਤ ਦਿੱਤੀ ਜਾਵੇਗੀ ਤਾਂ ਜੋ ਪਿੰਡਾਂ ਦੇ ਲੋਕ ਆਪਣੇ ਘਰਾਂ ਨੂੰ ਪੱਕਾ ਕਰ ਸਕਣ । ਇਸ ਮੌਕੇ ਪਿੰਡ ਰਸੌਲੀ ਦੇ ਸਰਪੰਚ ਜਗਸੀਰ ਸਿੰਘ ,ਈਸ਼ਵਰ ਰਾਣਾ ਚੇਅਰਮੈਨ ਰਾਜਪੂਤ ਬੋਰਡ ਹਲਕਾ ਸੁਤਰਾਣਾ , ਜਗਸੀਰ ਸਿੰਘ ਧਾਲੀਵਾਲ ਬਲਾਕ ਪ੍ਰਧਾਨ, ਯੁਵਰਾਜ ਸਿੰਘ ਬਾਠ ,ਨਰਿੰਦਰ ਸਿੰਘ,ਫੌਜੀ ਰਾਮ, ਪੰਕਜ ਸਿੰਘ ,ਸੁਨੀਲ ਕੁਮਾਰ,ਗੁਰਤੇਜ ਸਿੰਘ, ਕਪੂਰ ਚੰਦ ,ਸੰਤੋਖ ਸਿੰਘ ,ਜਸਵੰਤ ਸਿੰਘ, ਸੁਰਜੀਤ ਸਿੰਘ ,ਗੁਰਮੀਤ ਸਿੰਘ ,ਹਰਦੀਪ ਸਿੰਘ ,ਨਿਰਮਲ ਸਿੰਘ ,ਗੁਰਪਾਲ ਸਿੰਘ ,ਨਾਜਰ ਸਿੰਘ ,ਨ੍ਹਛੇ ਸਿੰਘ ,ਜਸਕਰਨ ਸਿੰਘ ,ਮਨਜੀਤ ਸਿੰਘ ,ਦਰਸ਼ਨ ਸਿੰਘ ,ਅਮਰੀਕ ਸਿੰਘ ,ਨਿਰਭੈਅ ਸਿੰਘ ਅਤੇ ਸੁਖਪਾਲ ਸਿੰਘ ਤੋਂ ਸਮੂਹ ਪਿੰਡ ਵਾਸੀ ਹਾਜ਼ਰ ਸਨ ।

# ਮਾਛੀਵਾੜਾ ਸਾਹਿਬ ਵਿੱਚ ਭਗਵਾਨ ਵਾਲਮੀਕ ਜੈਅੰਤੀ ਧੂਮਧਾਮ ਨਾਲ ਮਨਾਈ ਗਈ



**ਮਾਛੀਵਾੜਾ , 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਗਵਾਨ ਵਾਲਮੀਕ ਦੇ ਸੰਵਿਧਾਨਾਂ ਵੱਲੋਂ ਪਰਮਪਿਤਾ ਪਰਮਾਤਮਾ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਦਿਵਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਫਲਤਾ ਪੂਰਵਕ ਸਜਾਈ ਗਈ, ਜਿਸ ਲਈ ਸਮੂਹ ਨਗਰ ਨਿਵਾਸੀਆ, ਧਾਰਮਿਕ, ਸਮਾਜਿਕ, ਰਾਜਨੀਤਿਕ ਅਤੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਵੀ ਸ਼ਾਮਿਲ ਹੋਏ। ਇਸ ਸੰਬੰਧੀ ਪ੍ਰਧਾਨ ਸ਼ਿਵ ਬਾਲੀ,ਨਿਰਮਲ ਸਿੰਘ ਰਾਜੂ , ਰਾਜਕੁਮਾਰ ਘਾਰੂ ,ਜਤਿੰਦਰ ਬਾਲੀ,ਆਦਿ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋ ਵੱਲੋਂ ਝੰਡਾ ਲਹਿਰਾ ਕੇ ਅੱਜ ਦੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ, ਉਪਰੰਤ ਸੰਗਤਾਂ ਲਈ ਲੰਗਰ ਚਲਾਇਆ ਗਿਆ। ਪਰਮਜੀਤ ਢਿਲੋ ਵੱਲੋਂ ਭਗਵਾਨ ਵਾਲਮੀਕ ਜੀ ਦੇ ਬਣ ਰਹੇ ਮੰਦਰਾਂ ਲਈ ਲੈਂਟਰ ਦੀ ਮਦਦ ਦੇਣ ਦਾ ਵੀ ਭਰੋਸਾ ਦਿੱਤਾ। ਇਸ ਮੌਕੇ ਪਰਮਜੀਤ ਸਿੰਘ ਢਿੱਲੋ ਦੇ ਨਾਲ ਜਸਪਾਲ ਸਿੰਘ ਜੱਜ ,ਬੱਬੂ ਔਜਲਾ, ਮਨਜੀਤ ਸਿੰਘ ਮੱਕੜ ,ਜਗਦੀਪ ਸਿੰਘ ਝੱਜ ,ਪੁਸ਼ਪਿੰਦਰ ਸਿੰਘ ਧਨੋਆ, ਮਨਜੀਤ ਸਿੰਘ ਢਿੱਲੋਂ ,ਨੀਲਾ ਬਾਬਾ, ਅੰਮ੍ਰਿਤਪਾਲ ਸਿੰਘ, ਅਰਸ਼ ਰਾਏ ,ਦਲਵੀਰ ਸਿੰਘ ਕੰਗ, ਰਮਨਦੀਪ ਸਿੰਘ ਰੰਧਾਵਾਂ ਵੀ ਮੌਜੂਦ ਸਨ॥ਕਰੀਬ 4 ਵਜੇ ਤੋਂ ਬਾਅਦ ਸ਼ੋਭਾ ਯਾਤਰਾ ਨੂੰ ਰਵਾਨਾ ਕਰਨ ਲਈ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਹਲਕਾ ਸਮਰਾਲਾ ਤੋਂ ਬੀਜੇਪੀ ਆਗੂ ਨਿਸ਼ੂ ਸ਼ਰਮਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸ਼ੋਭਾ ਯਾਤਰਾ ਰਵਾਨਾ ਕਰਨ ਸਮੇਂ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਆਪ ਆਗੂ ਪ੍ਰਵੀਨ ਮੱਕੜ , ਕਰਮਜੀਤ ਸਿੰਘ ਲੋਪੋਂ, ਅਸੀਸ ਸ਼ਰਮਾ, ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ॥ਵਿਸ਼ਾਲ ਸ਼ੋਭਾ ਯਾਤਰਾ ਵਿੱਚ ਸਮਾਜ ਦੇ ਹਰ ਵਰਗ ਦੇ ਆਗੂਆਂ ਦੀ ਹਾਜ਼ਰੀ ਦਰਸਾਉਂਦੀ ਹੈ ਕਿ ਭਗਵਾਨ ਵਾਲਮੀਕਿ ਮਹਾਰਾਜ ਸਾਰੀ ਮਨੁੱਖਤਾ ਦੇ ਮਾਰਗ ਤੇ ਚੱਲਣ ਦੀ ਸਿੱਖਿਆ ਦੇਕੇ ਸਮਾਜ ਨੂੰ ਏਕਤਾ ਵਿੱਚ ਪ੍ਰੋਕੇ ਰਹਿਣ ਦਾ ਸੰਦੇਸ਼ ਦਿੰਦੇ ਹਨ। ਉਨਾਂ ਕਿਹਾ ਕਿ ਸ਼ੋਭਾ ਯਾਤਰਾ ਦੀ ਸਫਲਤਾ ਲਈ ਕਮੇਟੀ ਮੈਂਬਰਾਂ, ਮੁਹੱਲਾ ਵਾਸੀਆਂ ਦਾ ਬਹੁਤ ਵੱਡਾ ਯੋਗਦਾਨ ਹੈ, ਜਿਨ੍ਹਾਂ ਵੱਲੋਂ ਪਿਛਲੇ ਦੋ ਮਹੀਨਿਆਂ ਤੋਂ ਜੰਗੀ ਪੱਧਰ ਤੇ ਤਿਆਰੀਆ ਕੀਤੀਆਂ ਜਾ ਰਹੀਆਂ ਸੀ ਅਤੇ ਉਨ੍ਹਾਂ ਵੱਲੋਂ ਇਸ ਸਬੰਧੀ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਜਾ ਕੇ ਲੋਕਾਂ ਨੂੰ ਸੱਦਾ ਪੱਤਰ ਦਿੱਤਾ ਗਿਆ ਸੀ। ਉਨਾਂ ਸ਼ਹਿਰ ਵਾਸੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ, ਜਿਨਾਂ ਨੇ ਸ਼ੋਭਾ ਯਾਤਰਾ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਸ਼ਹਿਰ ਵਿੱਚ ਥਾਂ ਥਾਂ ਤੇ ਸ਼ੋਭਾ ਯਾਤਰਾ ਦੇ ਸਵਾਗਤ ਲਈ ਸੰਗਤਾਂ ਇਕੱਠੀਆਂ ਹੋ ਕੇ ਖੜੀਆਂ ਸਨ ਜਿਨਾਂ ਭਗਵਾਨ ਵਾਲਮੀਕ ਜੀ ਅੱਗੇ ਨਤਮਸਤਕ ਹੁੰਦੇ ਹੋਏ ਅਸ਼ੀਰਵਾਦ ਪ੍ਰਾਪਤ ਕੀਤਾ।

ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸੰਗਤਾਂ ਲਈ ਸ਼ਹਿਰ ਵਾਸੀਆਂ ਵੱਲੋਂ ਥਾਂ-ਥਾਂ ਸਵਾਗਤ ਕਰਦਿਆਂ ਵੱਖ ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ। ਇਹ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਵਿੱਚ ਪ੍ਰਧਾਨ ਸਿਵ ਬਾਲੀ, ਨਿਰਮਲ ਸਿੰਘ ਰਾਜੂ, ਰਾਜ ਕੁਮਾਰ ਘਾਰੂ, ਅਕਾਸ਼ਦੀਪ ਬਾਲੀ , ਪਾਰਸ ਬਾਲੀ ,ਬਿਪਨ ਬਾਲੀ, ਜਤਿੰਦਰ ਬਾਲੀ ,ਨੱਥੂ ਰਾਮ ਬਾਲੀ, ਰਜਿੰਦਰ ਬਾਲੀ ਦੇਵ ਰਾਜ ਘਾਰੂ,, ਦੇਵਕੀ ਨੰਦਨ, ਭੂਸ਼ਨ ਲਾਲ, ਮੰਗਤ ਰਾਏ, ਗਗਨਦੀਪ, ਸੰਜੀਵ ਬੱਗਣ ,ਅਜੇ ਕੁਮਾਰ ਘਾਰੂ ,ਸ਼ਨੀ ਵੈਦ, ਹੈਰੀ ਸਿੰਘ ,ਮਨੋਜ ਕੁਮਾਰ ਬਾਲੀ ,ਅਮਨ ਪਾਮੇ ,ਸਤਪਾਲ ਕਾਕਾ ,ਸੁੱਚਾ ਸਿੰਘ, ਵੰਸ਼ ਸਹੋਤਾ ,ਕਮਲਜੀਤ ਪਾਮੇ, ਸਰਬਜੀਤ ਸਿੰਘ ,ਰਣਵੀਰ ਸਿੰਘ ਭੱਟੀ, ਦੀਪਾ,ਸਾਕਾ ਸਰਾਜ ,, ਵੰਜਾਰਾ ਸਭਨਾ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਯੁੱਧ ਨਸ਼ਿਆਂ ਵਿਰੁੱਧ: ਹੋਟਸਪੌਟ ਥਾਵਾਂ ਤੇ ਵਿਆਪਕ ਸ.ਫਾਈ ਮੁਹਿੰਮ ਜਾਰੀ : ਡਿਪਟੀ ਕਮਿਸ਼ਨਰ

**ਬਠਿੰਡਾ, 27 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਨਸ਼ਿਆਂ ਤੋਂ ਵਧੇਰੇ ਪ੍ਰਭਾਵਿਤ ਹੋਟਸਪੌਟ ਦੀ ਸ਼ਨਾਖ਼ਤ ਕਰਨ ਮਗਰੋਂ ਇਨ੍ਹਾਂ ਦੇ ਨੂੰ ਸਾਫ-ਸੁਥਰਾ ਅਤੇ ਆਮ ਜਨਤਾ ਦੀ ਲੋੜ ਅਨੁਸਾਰ ਵਰਤਣ ਯੋਗ ਬਣਾਉਣ ਦਾ ਕੰਮ ਜਾਰੀ ਹੈ।

ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਵਿਚ 20 ਹੋਟਸਪੌਟ ਥਾਵਾਂ ਦੀ ਪਛਾਣ ਕਰਕੇ ਪਿੰਡਾਂ ਅਤੇ ਸ਼ਹਿਰਾਂ ਦੇ ਇਨ੍ਹਾਂ ਇਲਾਕਿਆਂ ਵਿਚ ਨਸ਼ਿਆਂ ਦੇ ਖਾਤਮੇ ਲਈ ਕਾਰਵਾਈ ਕੀਤੀ ਜਾ ਰਹੀ ਹੈ।

ਇਨ੍ਹਾਂ ਥਾਵਾਂ ਉੱਤੇ ਬਠਿੰਡਾ ਪੁਲੀਸ ਵਲੋਂ ਗਸ਼ਤ ਵਧਾ ਦਿੱਤੀ ਗਈ ਹੈ ਅਤੇ ਨਾਲ ਹੀ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀਆਂ ਟੀਮਾਂ ਵਲੋਂ ਇਨ੍ਹਾਂ ਥਾਵਾਂ ਦਾ ਦੌਰਾ ਕਰਕੇ ਸਫ਼ਾਈ



ਕਰਵਾਈ ਜਾ ਰਹੀ ਹੈ। ਜਿੱਥੇ ਚਾਰਦੀਵਾਰੀ ਦੀ ਲੋੜ ਹੈ ਉਥੇ ਚਾਰਦੀਵਾਰੀ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਲਾਈਟਾਂ ਲਗਾਈਆਂ ਜਾ ਰਹੀਆਂ ਹਨ ਅਤੇ ਲੋੜ ਅਨੁਸਾਰ ਸੀਸੀਟੀਵੀ ਕੈਮਰੇ ਲਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਅੱਜ ਭੁੱਚੋ ਮੰਡੀ ਅਤੇ ਮਲੂਕਾ ਪਿੰਡ ’ਚ ਸਫ਼ਾਈ ਕਰਵਾਈ ਗਈ ਅਤੇ ਨਾਲ ਹੀ ਖੇਡ ਮੈਦਾਨਾਂ ਸਬੰਧੀ ਕੰਮ ਕੀਤਾ ਗਿਆ ।

ਇਸੇ ਤਰ੍ਹਾਂ ਜਿੰਨ੍ਹਾਂ ਪਿੰਡਾਂ ਵਿੱਚ ਖੇਡ ਮੈਦਾਨ, ਖੇਡ ਕਿੱਟਾਂ ਜਾਂ ਹੋਰ ਖੇਡਾਂ ਸਬੰਧੀ ਬੁਨਿਆਦੀ ਢਾਂਚੇ ਦੀ ਘਾਟ ਹੈ ਉਨ੍ਹਾਂ ਥਾਵਾਂ ਉੱਤੇ ਜ਼ਿਲ੍ਹਾ ਖੇਡ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਵੱਲੋਂ ਕੰਮ ਕੀਤਾ ਜਾ ਰਿਹਾ ਹੈ। ਬਹੁਤ ਹੀ ਜਲਦ ਇਨ੍ਹਾਂ ਪਿੰਡਾਂ ਦੇ ਆਪਸੀ ਵਾਲੀਬਾਲ ਅਤੇ ਕ੍ਰਿਕਟ ਦੇ ਟੂਰਨਾਮੈਂਟ ਕਰਵਾਏ ਜਾਣਗੇ।

ਇਸ ਮੌਕੇ ਉਹਨਾਂ ਕਿਹਾ ਕਿ ਸੁੰਨੀਆਂ ਥਾਵਾਂ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਥਾਵਾਂ ਦੀ ਵਰਤੋਂ ਨਸ਼ਾ ਕਰਨ ਵਾਲਿਆਂ ਵਲੋਂ ਨਾ ਕੀਤੀ ਜਾ ਸਕੇ।



# ਹਰਿਆਣਾ ਖ਼ਬਰਨਾਮਾ





## ਮਹਾਰਿਸ਼ੀ ਵਾਲਮੀਕਿ ਜੀ ਨੇ ਰਾਮਾਇਣ ਰਾਹੀਂ ਮਨੁੱਖਤਾ ਨੂੰ ਜੀਵਨ ਜਿਊਣ ਦਾ ਰਾਹ ਵਿਖਾਇਆ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 27 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਨੇ ਰਾਮਾਇਣ ਦੇ ਮਾਧਿਅਮ ਰਾਹੀਂ ਸੰਸਾਰ ਨੂੰ ਮਰਿਆਦਾ ਪੁਰਸ਼ੋਤਮ ਭਗਵਾਨ ਸ਼੍ਰੀ ਰਾਮ ਦੇ ਆਦਰਸ਼ਾਂ ਤੋਂ ਜਾਣੂ ਕਰਵਾਇਆ। ਉਹਨਾਂ ਦੀ ਰਚਨਾ ਕੇਵਲ ਇੱਕ ਮਹਾਕਾਵਿ ਨਹੀਂ, ਸਗੋਂ ਯੁੱਗਾਂ-ਯੁੱਗਾਂ ਤੱਕ ਮਨੁੱਖਤਾ ਨੂੰ ਜੀਵਨ ਜਿਊਣ ਦਾ ਰਾਹ ਵਿਖਾਉਣ ਵਾਲੀ ਹੈ। ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਾਨੂੰ ਧੀਰਜ, ਮਿਹਨਤ, ਅਟੁੱਟ ਵਿਸ਼ਵਾਸ, ਕਰੁਣਾ, ਸਿੱਖਿਆ ਅਤੇ ਸਮਾਜਿਕ ਸਦਭਾਵਨਾ ਦੀ ਪ੍ਰੇਰਨਾ ਦਿੰਦੀਆਂ ਹਨ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸੰਤ ਮਹਾਪੁਰਖ ਪ੍ਰਚਾਰ-ਪ੍ਰਸਾਰ ਯੋਜਨਾ ਤਹਿਤ ਸੰਤ ਕਬੀਰ ਕੁਟੀਰ ਵਿਖੇ ਆਯੋਜਿਤ ਮਹਾਰਿਸ਼ੀ ਵਾਲਮੀਕਿ ਜੀ ਦੇ ਰਾਜ ਪੱਧਰੀ ਜਯੰਤੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਨੇ ਮਹਾਰਿਸ਼ੀ ਵਾਲਮੀਕਿ ਜੀ ਦੇ ਬੁੱਤ 'ਤੇ ਫੁੱਲ ਅਰਪਿਤ ਕਰਕੇ ਨਮਨ ਕੀਤਾ ਅਤੇ ਸੂਬਾ ਵਾਸੀਆਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਹਿਸਾਰ ਵਿੱਚ ਨਿਰਮਾਣ ਅਧੀਨ ਵਾਲਮੀਕਿ ਹੋਸਟਲ ਲਈ 31 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ, ਨਾਲ ਹੀ ਕਿਹਾ ਕਿ ਜਲਦੀ ਹੀ ਹੋਸਟਲ ਦੇ ਭੂਮੀ ਪੂਜਨ ਦੇ ਮੌਕੇ 'ਤੇ ਉੱਥੇ ਜਾਣਗੇ। ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਅਜਿਹੇ ਮਹਾਨ ਸੰਤ ਸਨ, ਜਿਨ੍ਹਾਂ ਨੇ ਹਨੇਰੇ ਵਿੱਚ ਗਿਆਨ ਦਾ ਦੀਵਾ ਬਾਲਿਆ। ਔਖੇ ਸਮੇਂ ਵਿੱਚ ਮਾਤਾ ਸੀਤਾ ਜੀ ਨੂੰ ਆਪਣੇ ਆਸ਼ਰਮ ਵਿੱਚ ਪਨਾਹ ਦੇਣ ਦੇ ਨਾਲ-ਨਾਲ ਉਹਨਾਂ ਨੇ ਉਹਨਾਂ ਦੇ ਬੱਚਿਆਂ ਨੂੰ ਉੱਚ ਸਿੱਖਿਆ ਅਤੇ ਸੰਸਕਾਰ ਪ੍ਰਦਾਨ ਕੀਤੇ। ਸਿੱਖਿਆ ਅਤੇ ਸੰਸਕਾਰਾਂ ਦੇ ਮਾਧਿਅਮ ਨਾਲ ਉਹਨਾਂ ਦੀ ਸ਼ਖ਼ਸੀਅਤ ਨੂੰ ਇੱਕ ਵੱਖਰੀ ਪਛਾਣ ਮਿਲੀ। ਉਹਨਾਂ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਦੇ ਜੀਵਨ ਤੋਂ ਪ੍ਰੇਰਨਾ ਮਿਲਦੀ ਹੈ ਕਿ ਪਰਿਸਥਿਤੀਆਂ ਚਾਹੇ ਕਿੰਨੀਆਂ ਵੀ ਔਖੀਆਂ ਹੋਣ, ਮਨੁੱਖ ਨੂੰ ਧੀਰਜ ਨਹੀਂ ਛੱਡਣਾ ਚਾਹੀਦਾ।

ਭਗਵਾਨ ਸ਼੍ਰੀ ਰਾਮ ਦੇ ਜੀਵਨ ਦੀ ਉਦਾਹਰਨ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਹਨਾਂ ਦਾ ਰਾਜਤਿਲਕ ਹੋਣਾ ਸੀ, ਉਸ ਸਮੇਂ ਉਹਨਾਂ ਨੂੰ ਵਣਵਾਸ ਜਾਣਾ ਪਿਆ, ਪਰ ਉਹਨਾਂ ਨੇ ਧੀਰਜ ਬਣਾਏ ਰੱਖਿਆ ਅਤੇ ਹਾਲਾਤਾਂ ਨੂੰ ਸਵੀਕਾਰ ਕਰਦਿਆਂ ਅੱਗੇ ਵਧੇ। ਰਾਮਾਇਣ ਸਾਨੂੰ ਸੰਦੇਸ਼ ਦਿੰਦੀ ਹੈ ਕਿ ਧੀਰਜ, ਮਿਹਨਤ ਅਤੇ ਅਟੁੱਟ ਵਿਸ਼ਵਾਸ ਨਾਲ ਕੋਈ ਵੀ ਨਿਸ਼ਾਨਾ ਹਾਸਲ ਕੀਤਾ ਜਾ ਸਕਦਾ ਹੈ।

**ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਵਿਵਹਾਰ ਵਿੱਚ ਉਤਾਰਨਾ ਹੀ ਸੱਚੀ ਸ਼ਰਧਾ**

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਨੇ ਜਾਤ-ਪਾਤ ਤੋਂ ਉੱਪਰ ਉੱਠ ਕੇ ਮਨੁੱਖਤਾ ਦਾ ਸੰਦੇਸ਼ ਦਿੱਤਾ। ਉਹਨਾਂ ਦੀਆਂ ਸਿੱਖਿਆਵਾਂ ਪ੍ਰਤੀ ਸ਼ਰਧਾ ਕੇਵਲ ਪੂਜਾ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਸਾਡੇ ਵਿਵਹਾਰ ਵਿੱਚ ਵੀ ਦਿਸਣੀ ਚਾਹੀਦੀ ਹੈ। ਕਿਸੇ ਵੀ ਵਿਅਕਤੀ ਨਾਲ ਜਨਮ, ਜਾਤ, ਆਰਥਿਕ ਸਥਿਤੀ ਜਾਂ ਕੰਮ ਦੇ ਆਧਾਰ 'ਤੇ ਵਿਤਕਰਾ ਨਹੀਂ ਹੋਣਾ ਚਾਹੀਦਾ।

ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦਾ ਮੰਤਰ 'ਸਬਕਾ ਸਾਥ, ਸਬਕਾ ਵਿਕਾਸ, ਸਬਕਾ ਪ੍ਰਯਾਸ' ਵੀ ਇਸੇ ਭਾਵਨਾ ਨੂੰ ਅੱਗੇ ਵਧਾਉਂਦਾ ਹੈ। ਸਰਕਾਰ ਦਾ ਯਤਨ ਹੈ ਕਿ ਸਮਾਜ ਦੇ ਹਰ ਵਰਗ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਿਆ ਜਾਵੇ ਅਤੇ ਹਰ ਵਿਅਕਤੀ ਸਤਿਕਾਰ ਨਾਲ ਅੱਗੇ ਵਧੇ।

**ਅਯੋਧਿਆ ਵਿੱਚ ਮਹਾਰਿਸ਼ੀ ਵਾਲਮੀਕਿ ਜੀ ਦੇ ਸਤਿਕਾਰ ਦਾ ਜ਼ਿਕਰ**

ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਭਗਵਾਨ ਸ਼੍ਰੀ ਰਾਮ ਦੀ ਨਗਰੀ ਅਯੋਧਿਆ ਵਿੱਚ ਭਵਾਨ ਮੰਦਰ ਦੇ ਨਿਰਮਾਣ ਦੇ ਅਸੀਂ ਗਵਾਹ ਬਣੇ ਹਾਂ। ਮੰਦਰ ਕੰਪਲੈਕਸ ਵਿੱਚ ਮਹਾਰਿਸ਼ੀ ਵਾਲਮੀਕਿ, ਨਿਸ਼ਾਦਰਾਜ ਅਤੇ ਮਾਤਾ ਸ਼ਬਰੀ ਦੇ ਮੰਦਰ ਵੀ ਬਣਾਏ ਗਏ ਹਨ। ਅਯੋਧਿਆ ਧਾਮ ਵਿੱਚ ਹਵਾਈ ਅੱਡੇ ਦਾ ਨਾਂ ਵੀ ਮਹਾਰਿਸ਼ੀ ਵਾਲਮੀਕਿ ਜੀ ਦੇ ਨਾਂ 'ਤੇ ਰੱਖਿਆ ਗਿਆ ਹੈ।

**ਮਹਾਪੁਰਖਾਂ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਯਤਨ**

ਮੁੱਖ ਮੰਤਰੀ ਨੇ ਕਿਹਾ ਕਿ ਸੰਤ ਮਹਾਪੁਰਖ ਪ੍ਰਚਾਰ-ਪ੍ਰਸਾਰ ਯੋਜਨਾ ਤਹਿਤ ਮਹਾਪੁਰਖਾਂ ਦੀ ਜਯੰਤੀ ਮਨਾਉਣ ਦਾ ਉਦੇਸ਼ ਉਹਨਾਂ ਦੇ ਵਿਚਾਰਾਂ ਅਤੇ ਸੰਦੇਸ਼ਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਹੈ, ਤਾਂ ਜੋ ਨੌਜਵਾਨ ਉਹਨਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਅੱਗੇ ਵਧ ਸਕਣ। ਉਹਨਾਂ ਦੱਸਿਆ ਕਿ ਇਸ ਸਾਲ ਸੰਤ ਕਬੀਰ ਕੁਟੀਰ ਵਿਖੇ ਪ੍ਰੋਗਰਾਮ ਆਯੋਜਿਤ ਕਰਨ ਦਾ ਫੈਸਲਾ ਲਿਆ ਗਿਆ ਹੈ ਅਤੇ ਅਗਲੇ ਸਾਲ ਇਸ ਨੂੰ ਵੱਡੇ ਪੱਧਰ 'ਤੇ ਮਨਾਉਣ ਦਾ ਯਤਨ ਕੀਤਾ ਜਾਵੇਗਾ।

ਉਹਨਾਂ ਕਿਹਾ ਕਿ ਸਰਕਾਰ ਦੀ ਹਰ ਯੋਜਨਾ, ਹਰ ਨੀਤੀ ਅਤੇ ਹਰ ਫੈਸਲੇ ਵਿੱਚ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਅਤੇ ਉਹਨਾਂ ਦੇ ਵਿਖਾਏ ਰਾਹ ਦੀ ਭਾਵਨਾ ਸ਼ਾਮਲ ਹੈ। ਉਹਨਾਂ ਦੀ ਕਰੁਣਾ, ਸਵੈ-ਮਾਣ ਅਤੇ ਮਨੁੱਖਤਾ ਦਾ ਸੰਦੇਸ਼ ਸਰਕਾਰ ਦੇ ਕੰਮਾਂ ਦਾ ਆਧਾਰ ਹੈ।

**ਸਿੱਖਿਆ ਅਤੇ ਨੌਜਵਾਨਾਂ ਲਈ ਸਰਕਾਰ ਦੀਆਂ ਯੋਜਨਾਵਾਂ**

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਬੱਚਿਆਂ ਲਈ ਵਜ਼ੀਫ਼ੇ, ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਕੋਚਿੰਗ ਅਤੇ ਹੋਸਟਲ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸਰਕਾਰ ਦਾ ਸੰਕਲਪ ਹੈ ਕਿ ਪੈਸੇ ਦੀ ਘਾਟ ਕਾਰਨ ਕਿਸੇ ਵੀ ਬੱਚੇ ਦੀ ਪ੍ਰਤਿਭਾ ਉਸ ਦੇ ਰਾਹ ਵਿੱਚ ਰੁਕਾਵਟ ਨਾ ਬਣੇ। ਉਹਨਾਂ ਦੱਸਿਆ ਕਿ ਵਜ਼ੀਫ਼ੇ ਦੀ ਰਕਮ ਸਿੱਧੀ ਲਾਭਪਾਤਰੀ ਬੱਚਿਆਂ ਦੇ ਖ਼ਾਤਿਆਂ ਵਿੱਚ ਪਹੁੰਚਾਉਣ ਦੀ ਵਿਵਸਥਾ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਵਿੱਚ ਹਾਲ ਹੀ ਵਿੱਚ ਹੋਈ ਪੁਲਿਸ ਭਰਤੀ ਦੌਰਾਨ ਸਮਾਜ ਦੇ 604 ਬੱਚਿਆਂ ਦੀ ਹਰਿਆਣਾ ਪੁਲਿਸ ਵਿੱਚ ਚੋਣ ਹੋਈ ਹੈ। ਸਮਾਜ ਦੇ ਬੱਚੇ ਅੱਗੇ ਵਧ ਰਹੇ ਹਨ ਅਤੇ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹ ਰਹੇ ਹਨ।

**ਅਨੁਸੂਚਿਤ ਜਾਤੀਆਂ ਅਤੇ ਸਫ਼ਾਈ ਕਰਮਚਾਰੀਆਂ ਦੇ ਭਲਾਈ ਲਈ ਕਮਿਸ਼ਨ**

ਮੁੱਖ ਮੰਤਰੀ ਨੇ ਕਿਹਾ ਕਿ ਅਨੁਸੂਚਿਤ ਜਾਤੀਆਂ ਦੀ ਭਲਾਈ ਅਤੇ ਉਹਨਾਂ ਦੇ ਅਧਿਕਾਰਾਂ ਦੀ ਰਾਖੀ ਲਈ ਹਰਿਆਣਾ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਅਤੇ ਸਫ਼ਾਈ ਕਰਮਚਾਰੀਆਂ ਦੀ ਭਲਾਈ ਲਈ ਹਰਿਆਣਾ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਸਰਕਾਰ ਸਮਾਜ ਦੇ ਸਤਿਕਾਰ, ਸਵੈ-ਮਾਣ ਅਤੇ ਸਮਰੱਥਾ ਨੂੰ ਧਿਆਨ ਵਿੱਚ ਰੱਖ ਕੇ ਯੋਜਨਾਵਾਂ ਬਣਾ ਰਹੀ ਹੈ।

**ਹਰ ਵਰਗ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾ ਰਿਹਾ ਹੈ ਕੰਮ**

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੋੜਵੰਦ ਪਰਿਵਾਰਾਂ ਨੂੰ ਮਕਾਨ ਉਪਲਬਧ ਕਰਵਾਉਣ ਦਾ ਕੰਮ ਕੀਤਾ ਜਾ ਰਿਹਾ ਹੈ। ਜਿਨ੍ਹਾਂ ਪਰਿਵਾਰਾਂ ਕੋਲ ਮਕਾਨ ਬਣਾਉਣ ਲਈ ਥਾਂ ਨਹੀਂ ਹੈ, ਉਹਨਾਂ ਨੂੰ ਪਲਾਟ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਵੀ ਸਰਕਾਰ ਨੇ ਕਦਮ ਚੁੱਕੇ ਹਨ। ਮੁੱਖ ਮੰਤਰੀ ਨੇ ਕਿਹਾ ਗਰੀਬ ਅਤੇ ਲੋੜਵੰਦ ਵਿਅਕਤੀ ਦਾ ਸਤਿਕਾਰ, ਸਵੈ-ਮਾਣ ਅਤੇ ਉਸ ਦੀ ਸਮਰੱਥਾ ਸਰਕਾਰ ਦੀਆਂ ਯੋਜਨਾਵਾਂ ਦੇ ਕੇਂਦਰ ਵਿੱਚ ਹੈ।

**ਜਾਤ-ਪਾਤ ਅਤੇ ਉਚ-ਨੀਚ ਦੇ ਵਿਤਕਰੇ ਨੂੰ ਮਿਟਾਉਣ ਦਾ ਲਓ ਸੰਕਲਪ**

ਮੁੱਖ ਮੰਤਰੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਉਤਸਵ 'ਤੇ ਸਾਰਿਆਂ ਨੂੰ ਜਾਤ-ਪਾਤ ਅਤੇ ਉਚ-ਨੀਚ ਦੇ ਹਰ ਵਿਤਕਰੇ ਨੂੰ ਮਿਟਾਉਣ ਅਤੇ ਸਮਾਜਿਕ ਸਦਭਾਵਨਾ ਦੇ ਧਾਗੇ ਵਿੱਚ ਬੱਝ ਕੇ ਹਰਿਆਣਾ ਨੂੰ ਵਿਕਸਿਤ ਭਾਰਤ ਦਾ ਮੋਹਰੀ ਸੂਬਾ ਬਣਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ। ਹਰਿਆਣਾ ਦੇ ਤਿੰਨ ਕਰੋੜ ਲੋਕਾਂ ਨੇ ਮਿਲ ਕੇ ਸੂਬੇ ਦੇ ਵਿਕਾਸ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਮਜ਼ਬੂਤ ਕਰਨਾ ਹੈ। ਮਹਾਰਿਸ਼ੀ ਵਾਲਮੀਕਿ ਜੀ ਪ੍ਰਤੀ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ।

**ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮਾਜ ਨੂੰ ਸਦਭਾਵਨਾ ਅਤੇ ਨੇਕੀ ਦਾ ਰਾਹ ਵਿਖਾਉਂਦੀਆਂ ਹਨ : ਕੈਬਨਿਟ ਮੰਤਰੀ ਕ੍ਰਿਸ਼ਨ ਲਾਲ ਪੰਵਾਰ**

ਕਰਮਚਾਰੀਆਂ ਅਤੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਿਆਣਾ ਦੇ ਪੰਚਾਇਤ ਅਤੇ ਵਿਕਾਸ ਮੰਤਰੀ ਸ਼੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਨੇ ਰਾਮਾਇਣ ਰਾਹੀਂ ਸਮਾਜ ਨੂੰ ਸਿੱਖਿਆ, ਸੱਚ, ਚੰਗੇ ਕਰਮਾਂ ਅਤੇ ਸਮਾਜਿਕ ਸਦਭਾਵਨਾ ਦਾ ਸੰਦੇਸ਼ ਦਿੱਤਾ। ਉਹਨਾਂ ਨੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਸਾਰੀਆਂ 36 ਬਿਰਾਦਰੀਆਂ ਨੂੰ ਨਾਲ ਲੈ ਕੇ ਚੱਲ ਰਹੇ ਹਨ ਅਤੇ ਸੰਤ-ਮਹਾਪੁਰਖਾਂ ਦੀਆਂ ਜਯੰਤੀਆਂ ਰਾਜ ਪੱਧਰ 'ਤੇ ਮਨਾ ਕੇ ਉਹਨਾਂ ਨੂੰ ਮਾਣ-ਸਤਿਕਾਰ ਦੇ ਰਹੇ ਹਨ।

ਮੰਤਰੀ ਸ਼੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਸਮਾਜ ਦੀ ਤਰੱਕੀ ਲਈ ਸਿੱਖਿਆ ਸਭ ਤੋਂ ਜ਼ਰੂਰੀ ਹੈ। ਡਾ. ਭੀਮਰਾਓ ਅੰਬੇਡਕਰ ਜੀ ਦਾ ਸੰਦੇਸ਼ ਸੀ ਕਿ ਪੜ੍ਹ-ਲਿਖ ਕੇ ਅੱਗੇ ਵਧਣਾ ਚਾਹੀਦਾ ਹੈ। ਉਹਨਾਂ ਧੀਆਂ ਦੀ ਸਿੱਖਿਆ ਲਈ ਕੀਤੇ ਜਾ ਰਹੇ ਯਤਨਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਚਾਹੁੰਦੀ ਹੈ ਕਿ ਧੀਆਂ ਨੂੰ ਸਿੱਖਿਆ ਪ੍ਰਾਪਤ ਕਰਨ ਲਈ ਦੂਰ ਨਾ ਜਾਣਾ ਪਵੇ। ਉਹਨਾਂ ਗਰੀਬ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਦੇਣ ਦੀ ਯੋਜਨਾ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਣਾ ਅਤੇ ਜ਼ਰੂਰਤਮੰਦਾਂ ਦੀ ਮਦਦ ਕਰਨਾ ਜ਼ਰੂਰੀ ਹੈ।

ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਵਿਧਾਇਕ ਸ਼੍ਰੀ ਕਪੂਰ ਸਿੰਘ ਵਾਲਮੀਕਿ, ਮੇਅਰ ਸ਼੍ਰੀ ਸ਼ਿਆਮ ਲਾਲ ਬਾਂਸਲ, ਸਾਬਕਾ ਮੰਤਰੀ ਸ਼੍ਰੀ ਵਿਸ਼ੰਬਰ ਵਾਲਮੀਕਿ, ਸਫ਼ਾਈ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਈਸ਼ਵਰ ਸਿੰਘ ਪਲਾਕਾ, ਸਾਬਕਾ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ, ਸਫ਼ਾਈ ਕਮਿਸ਼ਨ ਦੇ ਮੈਂਬਰ ਸ਼੍ਰੀ ਸੰਜੀਵ ਧਾਰੂ, ਸ਼੍ਰੀ ਚੰਦਰਪ੍ਰਕਾਸ਼ ਬੋਸਤੀ, ਕੌਂਸਲਰ ਮਨੀਸ਼ਾ ਜਾਂਗੜਾ, ਸ਼੍ਰੀ ਅਮਰਨਾਥ ਸੋਦਾ, ਜ਼ਿਲ੍ਹਾ ਪ੍ਰਧਾਨ ਸ਼੍ਰੀ ਅਜੇ ਮਿੱਤਲ ਸਮੇਤ ਹੋਰ ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਦਾ ਵਫ਼ਦ ਗੁਜਰਾਤ ਵਿੱਚ ਨਿਵੇਸ਼ਕਾਂ ਨਾਲ ਕਰੇਗਾ ਗੱਲਬਾਤ, ਸੂਬੇ ਵਿੱਚ ਨਿਵੇਸ਼ ਦੇ ਨਵੇਂ ਮੌਕਿਆਂ 'ਤੇ ਰਹੇਗਾ ਫੋਕਸ

**ਚੰਡੀਗੜ੍ਹ, 27 ਅਕਤੂਬਰ**
**-ਸੰਜੀਵ ਸ਼ਰਮਾ-**

ਹਰਿਆਣਾ ਵਿੱਚ ਨਿਵੇਸ਼ ਨੂੰ ਆਕਰਸ਼ਿਤ ਕਰਨ, ਉਦਯੋਗਿਕ ਸਹਿਯੋਗ ਨੂੰ ਬੜ੍ਹਾਵਾ ਦੇਣ ਅਤੇ ਸੂਬੇ ਵਿੱਚ ਉਪਲਬਧ ਵਪਾਰਕ ਮੌਕਿਆਂ ਤੋਂ ਦੇਸ਼-ਵਿਦੇਸ਼ ਦੇ ਨਿਵੇਸ਼ਕਾਂ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਦਾ ਇੱਕ ਉੱਚ ਪੱਧਰੀ ਵਫ਼ਦ 27 ਅਤੇ 28 ਅਕਤੂਬਰ, 2026 ਨੂੰ ਗੁਜਰਾਤ ਦੇ ਸੂਰਤ ਅਤੇ ਗਾਂਧੀਨਗਰ ਦਾ ਦੌਰਾ ਕਰੇਗਾ। ਇਸ ਦੌਰਾਨ ਨਿਵੇਸ਼ਕਾਂ ਨਾਲ ਸਿੱਧੀ ਗੱਲਬਾਤ, ਉਦਯੋਗ ਜਗਤ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਅਤੇ ਹਰਿਆਣਾ ਇਨਵੈਸਟਮੈਂਟ ਰੋਡਸ਼ੋਅ ਰਾਹੀਂ ਸੂਬੇ ਦੀਆਂ ਉਦਯੋਗਿਕ ਅਤੇ ਆਰਥਿਕ ਸੰਭਾਵਨਾਵਾਂ ਨੂੰ ਪੇਸ਼ ਕੀਤਾ ਜਾਵੇਗਾ ਅਤੇ ਨਿਵੇਸ਼ਕਾਂ ਨੂੰ ਹਰਿਆਣਾ ਵਿੱਚ ਨਿਵੇਸ਼ ਲਈ ਸੱਦਾ ਦਿੱਤਾ ਜਾਵੇਗਾ। ਇਸ ਦੌਰਾਨ ਮੁੱਖ ਮੰਤਰੀ ਦੇ ਨਾਲ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਵੀ ਮੌਜੂਦ ਰਹਿਣਗੇ।

ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 27 ਅਕਤੂਬਰ ਨੂੰ ਸੂਰਤ ਵਿੱਚ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਿਵੇਸ਼ਕਾਂ ਨਾਲ ਵਨ-ਟੂ-ਵਨ ਮੀਟਿੰਗਾਂ ਕਰਨਗੇ। ਇਹਨਾਂ ਮੀਟਿੰਗ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ, ਉਦਯੋਗਿਕ ਵਿਸਥਾਰ ਅਤੇ ਹਰਿਆਣਾ ਵਿੱਚ ਵਪਾਰ ਸਥਾਪਿਤ ਕਰਨ ਨਾਲ ਜੁੜੇ ਮੌਕਿਆਂ 'ਤੇ ਚਰਚਾ ਕੀਤੀ ਜਾਵੇਗੀ। ਇਸ ਤੋਂ ਬਾਅਦ ਪ੍ਰਵਾਸੀ ਮਿਲਣੀ ਸਮਾਗਮ ਆਯੋਜਿਤ ਕੀਤਾ ਜਾਵੇਗਾ। ਸਮਾਗਮ ਵਿੱਚ ਹਰਿਆਣਾ ਦੇ ਪ੍ਰਵਾਸੀ ਭਾਈਚਾਰੇ ਦੇ ਨੁਮਾਇੰਦਿਆਂ ਅਤੇ ਉਦਯੋਗ ਜਗਤ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨਾਲ ਗੱਲਬਾਤ ਹੋਵੇਗੀ। ਪ੍ਰੋਗਰਾਮ ਵਿੱਚ ਹਰਿਆਣਾ ਦੀ ਅਮੀਰ ਸੱਭਿਆਚਾਰਕ ਵਿਰਾਸਤ, ਵਿਕਾਸ ਯਾਤਰਾ ਅਤੇ ਉਦਯੋਗਿਕ ਸੰਭਾਵਨਾਵਾਂ ਨੂੰ ਨਿਵੇਸ਼ਕਾਂ ਸਾਹਮਣੇ ਪ੍ਰਦਰਸ਼ਿਤ ਕੀਤਾ ਜਾਵੇਗਾ।



**ਗਾਂਧੀਨਗਰ ਵਿੱਚ ਹਰਿਆਣਾ ਇਨਵੈਸਟਮੈਂਟ ਰੋਡਸ਼ੋਅ**

ਡਾ. ਅਮਿਤ ਅਗਰਵਾਲ ਨੇ ਦੱਸਿਆ ਕਿ 28 ਅਕਤੂਬਰ ਨੂੰ ਗਾਂਧੀਨਗਰ ਵਿੱਚ ਹਰਿਆਣਾ ਇਨਵੈਸਟਮੈਂਟ ਰੋਡਸ਼ੋਅ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਪ੍ਰਮੁੱਖ ਉਦਯੋਗਪਤੀ, ਨਿਵੇਸ਼ਕ ਅਤੇ ਉਦਯੋਗ ਜਗਤ ਦੇ ਨੁਮਾਇੰਦੇ ਭਾਗ ਲੈਣਗੇ। ਇਸ ਰੋਡਸ਼ੋਅ ਦਾ ਉਦੇਸ਼ ਹਰਿਆਣਾ ਵਿੱਚ ਨਿਵੇਸ਼ ਦੀਆਂ ਵਿਆਪਕ ਸੰਭਾਵਨਾਵਾਂ ਤੋਂ ਉਦਯੋਗ ਜਗਤ ਨੂੰ ਜਾਣੂ ਕਰਵਾਉਣਾ, ਨਿਵੇਸ਼ਕਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਸੂਬੇ ਵਿੱਚ ਨਵੇਂ ਉਦਯੋਗਿਕ ਨਿਵੇਸ਼ ਨੂੰ ਉਤਸ਼ਾਹਿਤ ਕਰਨਾ ਹੈ। ਪ੍ਰੋਗਰਾਮ ਦੌਰਾਨ ਹਰਿਆਣਾ ਵਿੱਚ ਉਪਲਬਧ ਉਦਯੋਗਿਕ ਢਾਂਚੇ, ਨਿਵੇਸ਼ ਅਨੁਕੂਲ ਨੀਤੀਗਤ ਮਾਹੌਲ, ਮਜ਼ਬੂਤ ਕਨੈਕਟੀਵਿਟੀ, ਕੁਸ਼ਲ ਮਾਨਵ ਸਰੋਤ ਅਤੇ ਵੱਖ-ਵੱਖ ਖੇਤਰਾਂ ਵਿੱਚ ਮੌਜੂਦ ਵਪਾਰਕ ਮੌਕਿਆਂ ਨੂੰ ਰੇਖਾਂਕਿਤ ਕੀਤਾ ਜਾਵੇਗਾ। ਨਾਲ ਹੀ, ਉਦਯੋਗ ਜਗਤ ਦੇ ਨੁਮਾਇੰਦਿਆਂ ਨਾਲ ਨਿਵੇਸ਼ ਪ੍ਰਸਤਾਵਾਂ, ਸੰਭਾਵੀ ਪ੍ਰੋਜੈਕਟਾਂ ਅਤੇ ਵਪਾਰਕ ਭਾਈਵਾਲੀ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਨਿਵੇਸ਼ ਸੰਬੰਧੀ ਸਮਝੌਤਾ ਪੱਤਰਾਂ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਹੋਵੇਗੀ।

**'ਮੇਕ ਇਨ ਹਰਿਆਣਾ ਇੰਡਸਟ੍ਰੀਅਲ ਪਾਲਿਸੀ-2026' ਨਾਲ ਨਿਵੇਸ਼ ਅਤੇ ਰੋਜ਼ਗਾਰ ਨੂੰ ਮਿਲੇਗਾ ਉਤਸ਼ਾਹ**

ਉਹਨਾਂ ਦੱਸਿਆ ਕਿ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਨੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਗਤੀ ਦੇਣ, ਨਿਰਮਾਣ ਖੇਤਰ ਨੂੰ ਮਜ਼ਬੂਤ ਬਣਾਉਣ ਅਤੇ ਨਿਵੇਸ਼ਕਾਂ ਲਈ ਅਨੁਕੂਲ ਮਾਹੌਲ ਤਿਆਰ ਕਰਨ ਦੇ ਉਦੇਸ਼ ਨਾਲ 'ਮੇਕ ਇਨ ਹਰਿਆਣਾ ਇੰਡਸਟ੍ਰੀਅਲ ਪਾਲਿਸੀ-2026' ਲਾਗੂ ਕੀਤੀ ਹੈ। ਰਾਜ ਸਰਕਾਰ ਦਾ ਟੀਚਾ ਇਹਨਾਂ ਨੀਤੀਗਤ ਪਹਿਲਕਦਮੀਆਂ ਰਾਹੀਂ ਸਾਲ 2030-31 ਤੱਕ ਲਗਭਗ 5 ਲੱਖ ਕਰੋੜ ਰੁਪਏ ਦਾ ਨਵਾਂ ਨਿਵੇਸ਼ ਆਕਰਸ਼ਿਤ ਕਰਨਾ ਅਤੇ 10 ਲੱਖ ਤੋਂ ਵੱਧ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਹੈ। ਇਸ ਨਾਲ ਹਰਿਆਣਾ ਵਿੱਚ ਉਦਯੋਗਿਕ ਵਿਸਥਾਰ, ਤਕਨੀਕੀ ਨਵੀਨਤਾ ਅਤੇ ਆਰਥਿਕ ਗਤੀਵਿਧੀਆਂ ਨੂੰ ਬੜ੍ਹਾਵਾ ਮਿਲੇਗਾ।

ਡਾ. ਅਮਿਤ ਅਗਰਵਾਲ ਨੇ ਕਿਹਾ ਕਿ ਸੂਰਤ ਅਤੇ ਗਾਂਧੀਨਗਰ ਦਾ ਇਹ ਦੌਰਾ ਹਰਿਆਣਾ ਦੀ ਉਦਯੋਗਿਕ ਸਮਰੱਥਾ ਅਤੇ ਨਿਵੇਸ਼ ਦੀਆਂ ਸੰਭਾਵਨਾਵਾਂ ਨੂੰ ਵਿਸ਼ਾਲ ਮੰਚ 'ਤੇ ਪੇਸ਼ ਕਰਨ ਦਾ ਸੁਨਹਿਰੀ ਮੌਕਾ ਹੈ। ਹਰਿਆਣਾ ਸਰਕਾਰ ਦਾ ਇਹ ਯਤਨ ਸੂਬੇ ਨੂੰ ਦੇਸ਼ ਦੇ ਮੋਹਰੀ ਨਿਵੇਸ਼ ਸਥਾਨਾਂ ਵਿੱਚ ਹੋਰ ਮਜ਼ਬੂਤ ਬਣਾਉਣ, ਘਰੇਲੂ ਅਤੇ ਗਲੋਬਲ ਨਿਵੇਸ਼ਕਾਂ ਦਾ ਭਰੋਸਾ ਵਧਾਉਣ ਅਤੇ ਉਦਯੋਗਾਂ ਦੇ ਵਿਸਥਾਰ ਲਈ ਅਨੁਕੂਲ ਮੌਕੇ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਇਸ ਪਹਿਲਕਦਮੀ ਨਾਲ ਸੂਬੇ ਵਿੱਚ ਨਵੇਂ ਉਦਯੋਗਿਕ ਅਦਾਰਿਆਂ ਦੀ ਸਥਾਪਨਾ, ਮੌਜੂਦਾ ਉਦਯੋਗਾਂ ਦੇ ਵਿਸਥਾਰ, ਰੋਜ਼ਗਾਰ ਦੇ ਨਵੇਂ ਮੌਕਿਆਂ ਦੇ ਨਿਰਮਾਣ ਅਤੇ ਆਰਥਿਕ ਗਤੀਵਿਧੀਆਂ ਨੂੰ ਗਤੀ ਮਿਲਣ ਦੀਆਂ ਸੰਭਾਵਨਾਵਾਂ ਮਜ਼ਬੂਤ ਹੋਣਗੀਆਂ।

## ਅਮਨ-ਅਮਾਨ ਨਾਲ ਨੇਪਰੇ ਚੜ੍ਹਿਆ ਗਰੁੱਪ-ਡੀ ਦਾ ਪੇਪਰ; 10 ਪ੍ਰੀਖਿਆ ਕੇਂਦਰਾਂ 'ਤੇ ਉਮੀਦਵਾਰਾਂ ਨੇ ਦਿੱਤੀ ਪ੍ਰੀਖਿਆ

**ਤਰਨ ਤਾਰਨ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਦੀਆਂ ਖਾਲੀ ਪਈਆਂ ਗਰੁੱਪ-ਡੀ ਦੀਆਂ ਅਸਾਮੀਆਂ ਨੂੰ ਭਰਨ ਲਈ ਅੱਜ ਲਈ ਗਈ ਲਿਖਤੀ ਪ੍ਰੀਖਿਆ ਜ਼ਿਲ੍ਹਾ ਤਰਨ ਤਾਰਨ ਵਿੱਚ ਪੂਰਨ ਅਮਨ-ਅਮਾਨ ਅਤੇ ਸ਼ਾਂਤਮਈ ਮਾਹੌਲ ਵਿੱਚ ਨੇਪਰੇ ਚੜ੍ਹ ਗਈ।

ਜਾਣਕਾਰੀ ਅਨੁਸਾਰ ਜ਼ਿਲ੍ਹੇ ਵਿੱਚ ਸਥਾਪਿਤ ਕੀਤੇ ਗਏ ਕੁੱਲ 10 ਪ੍ਰੀਖਿਆ ਕੇਂਦਰਾਂ ਵਿੱਚ ਪ੍ਰੀਖਿਆਰਥੀਆਂ ਨੇ ਆਪਣੀ ਕਿਸਮਤ ਅਜ਼ਮਾਈ। ਇਸ ਪ੍ਰੀਖਿਆ ਨੂੰ ਨਕਲ-ਰਹਿਤ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਪੁਖਤਾ ਪ੍ਰਬੰਧ ਕੀਤੇ ਗਏ ਸਨ। ਪ੍ਰੀਖਿਆ ਦੀ ਨਿਗਰਾਨੀ ਲਈ ਅੱਜ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਰਜਿੰਦਰ ਕੌਰ ਵੱਲੋਂ ਵੱਖ-ਵੱਖ ਪ੍ਰੀਖਿਆ ਕੇਂਦਰਾਂ ਦਾ ਦੌਰਾ ਕੀਤਾ ਗਿਆ।

ਆਪਣੇ ਦੌਰੇ ਦੀ ਸ਼ੁਰੂਆਤ ਕਰਦਿਆਂ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਤਰਨ ਤਾਰਨ ਵਿਖੇ ਪਹੁੰਚੇ, ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸ਼ਨ ਤੋਂ ਤਹਿਸੀਲਦਾਰ ਤਰਨ ਤਾਰਨ ਅਰਚਨਾ ਸ਼ਰਮਾ ਵੀ ਵਿਸ਼ੇਸ਼ ਤੌਰ ਤੇ ਨਿਰੀਖਣ ਕਰਨ ਪਹੁੰਚੇ ਸਨ।

## ਹਰਿਆਣਾ ਵਿੱਚ ਹੁਣ ਤੱਕ 37.27 ਲੱਖ ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ ਅਤੇ 30.69 ਲੱਖ ਮੀਟ੍ਰਿਕ ਟਨ ਦੀ ਹੋਈ ਖ਼ਰੀਦ : ਮੰਤਰੀ ਰਾਜੇਸ਼ ਨਾਗਰ

**ਚੰਡੀਗੜ੍ਹ, 27 ਅਕਤੂਬਰ**
**-ਸੰਜੀਵ ਸ਼ਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਖਾਦ, ਨਾਗਰਿਕ ਸਪਲਾਈ ਅਤੇ ਉਪਭੋਗਤਾ ਮਾਮਲਿਆਂ ਦੇ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਕਿਹਾ ਕਿ ਰਾਜ ਸਰਕਾਰ ਕਿਸਾਨਾਂ ਦੀ ਝੋਨੇ ਦੀ ਫ਼ਸਲ ਦੀ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਖ਼ਰੀਦ ਯਕੀਨੀ ਬਣਾਉਣ ਲਈ ਵਚਨਬੱਧ ਹੈ। ਖ਼ਰੀਫ਼ ਸੀਜ਼ਨ 2026-27 ਦੌਰਾਨ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ, ਖ਼ਰੀਦ, ਚੁੱਕਣ ਅਤੇ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਦੇ ਭੁਗਤਾਨ ਦੀ ਪ੍ਰਕਿਰਿਆ ਲਗਾਤਾਰ ਜਾਰੀ ਹੈ। ਸਰਕਾਰ ਦਾ ਵਿਸ਼ੇਸ਼ ਧਿਆਨ ਇਸ ਗੱਲ 'ਤੇ ਹੈ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ ਅਤੇ ਉਹਨਾਂ ਨੂੰ ਆਪਣੀ ਉਪਜ ਦਾ ਯੋਗ ਮੁੱਲ ਸਮੇਂ ਸਿਰ ਮਿਲੇ।

ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਦੱਸਿਆ ਕਿ 26 ਅਕਤੂਬਰ ਨੂੰ ਸਵੇਰੇ 8 ਵਜੇ ਤੱਕ ਪ੍ਰਾਪਤ ਅੰਕੜਿਆਂ ਅਨੁਸਾਰ ਹਰਿਆਣਾ ਵਿੱਚ ਕੁੱਲ 37.27 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਦਰਜ ਕੀਤੀ ਗਈ ਹੈ ਅਤੇ 30.69 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਤਰ੍ਹਾਂ ਕੁੱਲ ਆਮਦ ਦਾ ਲਗਭਗ 82 ਪ੍ਰਤੀਸ਼ਤ ਝੋਨਾ ਖ਼ਰੀਦਿਆ ਜਾ ਚੁੱਕਾ ਹੈ। ਸੂਬੇ ਵਿੱਚ ਭਾਰਤ ਸਰਕਾਰ ਵੱਲੋਂ ਨਿਰਧਾਰਿਤ 58 ਲੱਖ ਮੀਟ੍ਰਿਕ ਟਨ ਦੇ ਖ਼ਰੀਦ ਟੀਚੇ ਦੇ ਮੁਕਾਬਲੇ ਹੁਣ ਤੱਕ ਲਗਭਗ 53 ਪ੍ਰਤੀਸ਼ਤ ਖ਼ਰੀਦ ਪੂਰੀ ਹੋ ਚੁੱਕੀ ਹੈ। ਉਹਨਾਂ ਦੱਸਿਆ ਕਿ ਇੱਕ ਦਿਨ ਵਿੱਚ ਲਗਭਗ 1.01 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਅਤੇ 0.36 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਦਰਜ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਖ਼ਰੀਦੇ ਗਏ ਝੋਨੇ ਵਿੱਚੋਂ 23.34 ਲੱਖ ਮੀਟ੍ਰਿਕ ਟਨ ਚੁੱਕੀ ਗਈ ਹੈ, ਜੋ ਕੁੱਲ ਖ਼ਰੀਦ ਦਾ ਲਗਭਗ 76 ਪ੍ਰਤੀਸ਼ਤ ਹੈ। ਇੱਕ ਦਿਨ ਵਿੱਚ ਲਗਭਗ 1.38 ਲੱਖ ਮੀਟ੍ਰਿਕ ਟਨ ਝੋਨਾ ਚੁੱਕਿਆ ਗਿਆ। ਮੰਤਰੀ ਨੇ ਕਿਹਾ ਕਿ ਮੰਡੀਆਂ ਵਿੱਚ ਖ਼ਰੀਦੇ ਗਏ ਝੋਨੇ ਦਾ ਸਮੇਂ ਸਿਰ ਉਠਾਨ ਯਕੀਨੀ ਬਣਾਉਣਾ ਜ਼ਰੂਰੀ ਹੈ, ਤਾਂ ਜੋ ਮੰਡੀਆਂ ਵਿੱਚ ਲੋੜੀਂਦੀ ਥਾਂ ਉਪਲਬਧ ਰਹੇ ਅਤੇ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਸ਼੍ਰੀ ਨਾਗਰ ਨੇ ਦੱਸਿਆ ਕਿ ਸੂਬੇ ਵਿੱਚ ਹੁਣ ਤੱਕ 2,22,154 ਕਿਸਾਨਾਂ ਨੂੰ ਝੋਨਾ ਖ਼ਰੀਦ ਪ੍ਰਕਿਰਿਆ ਦਾ ਲਾਭ ਮਿਲਿਆ ਹੈ ਅਤੇ ਘੱਟੋ-ਘੱਟ ਸਮਰਥਨ ਮੁੱਲ ਤਹਿਤ ਕਿਸਾਨਾਂ ਨੂੰ ਲਗਭਗ 4,263 ਕਰੋੜ ਰੁਪਏ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਉਹਨਾਂ ਦੀ ਉਪਜ ਦਾ ਯੋਗ ਮੁੱਲ ਦਿਵਾਉਣਾ ਅਤੇ ਭੁਗਤਾਨ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਈ ਰੱਖਣਾ ਸਰਕਾਰ ਦੀਆਂ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ। ਉਹਨਾਂ ਖ਼ਰੀਦ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਭੁਗਤਾਨ ਸੰਬੰਧੀ ਪ੍ਰਕਿਰਿਆ ਨਿਰਧਾਰਿਤ ਨਿਯਮਾਂ ਅਨੁਸਾਰ ਸਮੇਂ ਸਿਰ ਪੂਰੀ ਕੀਤੀ ਜਾਵੇ, ਤਾਂ ਜੋ ਕਿਸਾਨਾਂ ਨੂੰ ਅਣਚਾਹੀ ਦੇਰੀ ਦਾ ਸਾਹਮਣਾ ਨਾ ਕਰਨਾ ਪਵੇ।



ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਖਾਧ ਅਤੇ ਨਾਗਰਿਕ ਸਪਲਾਈ ਵਿਭਾਗ, ਹਰਿਆਣਾ ਰਾਜ ਸਹਿਕਾਰੀ ਸਪਲਾਈ ਅਤੇ ਵਿਪਣਨ ਸੰਘ ਲਿਮਟਿਡ (ਹੈਫੇਡ) ਅਤੇ ਹਰਿਆਣਾ ਰਾਜ ਭੰਡਾਰਨ ਨਿਗਮ (HSWC) ਦੇ ਮਾਧਿਅਮ ਨਾਲ ਝੋਨੇ ਦੀ ਖ਼ਰੀਦ ਕੀਤੀ ਜਾ ਰਹੀ ਹੈ। ਉਪਲਬਧ ਏਜੰਸੀਵਾਰ ਅੰਕੜਿਆਂ ਅਨੁਸਾਰ, ਖ਼ੁਰਾਕ ਅਤੇ ਨਾਗਰਿਕ ਸਪਲਾਈ ਵਿਭਾਗ ਨੇ 16.53 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਹੈ, ਜੋ ਉਸ ਦੇ 23.20 ਲੱਖ ਮੀਟ੍ਰਿਕ ਟਨ ਦੇ ਨਿਰਧਾਰਿਤ ਟੀਚੇ ਦਾ ਲਗਭਗ 71 ਪ੍ਰਤੀਸ਼ਤ ਹੈ। ਵਿਭਾਗ ਵੱਲੋਂ 12.90 ਲੱਖ ਮੀਟ੍ਰਿਕ ਟਨ ਝੋਨੇ ਦਾ ਚੁੱਕਣ ਦਾ ਕੰਮ ਕੀਤਾ ਜਾ ਚੁੱਕਾ ਹੈ।

ਇਸੇ ਤਰ੍ਹਾਂ, ਹੈਫੇਡ ਨੇ 9.29 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਹੈ, ਜੋ ਉਸ ਦੇ 23.20 ਲੱਖ ਮੀਟ੍ਰਿਕ ਟਨ ਦੇ ਟੀਚੇ ਦਾ ਲਗਭਗ 40 ਪ੍ਰਤੀਸ਼ਤ ਹੈ। ਹੈਫੇਡ ਵੱਲੋਂ 7.21 ਲੱਖ ਮੀਟ੍ਰਿਕ ਟਨ ਝੋਨੇ ਦਾ ਉਠਾਨ ਕੀਤਾ ਜਾ ਚੁੱਕਾ ਹੈ। ਉੱਥੇ ਹੀ, ਹਰਿਆਣਾ ਰਾਜ ਭੰਡਾਰਨ ਨਿਗਮ ਨੇ 4.87 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਹੈ, ਜੋ ਉਸ ਦੇ 11.60 ਲੱਖ ਮੀਟ੍ਰਿਕ ਟਨ ਦੇ ਟੀਚੇ ਦਾ ਲਗਭਗ 42 ਪ੍ਰਤੀਸ਼ਤ ਹੈ। ਨਿਗਮ ਵੱਲੋਂ 3.23 ਲੱਖ ਮੀਟ੍ਰਿਕ ਟਨ ਝੋਨੇ ਦਾ ਉਠਾਨ ਕੀਤਾ ਜਾ ਚੁੱਕਾ ਹੈ। ਤਿੰਨਾਂ ਏਜੰਸੀਆਂ ਵੱਲੋਂ ਕੁੱਲ 30.69 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਅਤੇ 23.34 ਲੱਖ ਮੀਟ੍ਰਿਕ ਟਨ ਦਾ ਉਠਾਨ ਕੀਤਾ ਗਿਆ ਹੈ।

25 ਅਕਤੂਬਰ 2026 ਤੱਕ ਉਪਲਬਧ ਜ਼ਿਲ੍ਹਾ-ਵਾਰ ਅੰਕੜਿਆਂ ਅਨੁਸਾਰ, ਕੁਰੂਕਸ਼ੇਤਰ ਵਿੱਚ 8.23 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਅਤੇ 7.64 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਦਰਜ ਕੀਤੀ ਗਈ ਹੈ। ਜ਼ਿਲ੍ਹੇ ਵਿੱਚ 6.47 ਲੱਖ ਮੀਟ੍ਰਿਕ ਟਨ ਝੋਨੇ ਦਾ ਉਠਾਨ ਕੀਤਾ ਜਾ ਚੁੱਕਾ ਹੈ, ਜੋ ਕੁੱਲ ਖ਼ਰੀਦ ਦਾ ਲਗਭਗ 84.75 ਪ੍ਰਤੀਸ਼ਤ ਹੈ। ਕੈਥਲ ਵਿੱਚ 6.76 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਅਤੇ 5.94 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਹੋਈ ਹੈ, ਜਦੋਂ ਕਿ 4.55 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨੇ ਦਾ ਉਠਾਨ ਕੀਤਾ ਗਿਆ ਹੈ। ਕਰਨਾਲ ਵਿੱਚ 5.60 ਲੱਖ ਮੀਟ੍ਰਿਕ ਟਨ ਦੀ ਆਮਦ, 4.32 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਅਤੇ 2.85 ਲੱਖ ਮੀਟ੍ਰਿਕ ਟਨ ਤੋਂ ਵੱਧ ਦਾ ਉਠਾਨ ਦਰਜ ਕੀਤਾ ਗਿਆ ਹੈ।

ਜ਼ਿਲ੍ਹਾ-ਵਾਰ ਰਿਪੋਰਟ ਅਨੁਸਾਰ, ਅੰਬਾਲਾ ਵਿੱਚ 4.13 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ, 3.60 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਅਤੇ 2.91 ਲੱਖ ਮੀਟ੍ਰਿਕ ਟਨ ਦਾ ਚੁੱਕਿਆ ਗਿਆ। ਫਤੇਹਾਬਾਦ ਵਿੱਚ 3.62 ਲੱਖ ਮੀਟ੍ਰਿਕ ਟਨ ਤੋਂ ਵੱਧ ਦੀ ਆਮਦ ਅਤੇ 2.50 ਲੱਖ ਮੀਟ੍ਰਿਕ ਟਨ ਤੋਂ ਵੱਧ ਦੀ ਖ਼ਰੀਦ ਦਰਜ ਕੀਤੀ ਗਈ ਹੈ। ਯਮੁਨਾਨਗਰ ਵਿੱਚ 3.09 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਅਤੇ 2.70 ਲੱਖ ਮੀਟ੍ਰਿਕ ਟਨ ਦੀ ਖ਼ਰੀਦ ਹੋਈ ਹੈ, ਜਦੋਂ ਕਿ 2.31 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨਾ ਚੁੱਕਣ ਦਾ ਕੰਮ ਕੀਤਾ ਜਾ ਚੁੱਕਾ ਹੈ। ਯਮੁਨਾਨਗਰ ਵਿੱਚ ਕੁੱਲ ਖ਼ਰੀਦ ਦੇ ਮੁਕਾਬਲੇ ਚੁੱਕਿਆ ਲਗਭਗ 85.78 ਪ੍ਰਤੀਸ਼ਤ ਰਿਹਾ ਹੈ। ਹਿਸਾਰ, ਜੀਂਦ, ਸਿਰਸਾ, ਪੰਚਕੂਲਾ, ਪਾਨੀਪਤ, ਰੋਹਤਕ, ਸੋਨੀਪਤ, ਪਲਵਲ, ਝੱਜਰ, ਹਾਂਸੀ ਅਤੇ ਫਰੀਦਾਬਾਦ ਸਮੇਤ ਸੂਬੇ ਦੇ ਹੋਰ ਜ਼ਿਲ੍ਹਿਆਂ ਵਿੱਚ ਵੀ ਖ਼ਰੀਦ ਪ੍ਰਕਿਰਿਆ ਜਾਰੀ ਹੈ।

ਜ਼ਿਲ੍ਹਾ-ਵਾਰ ਰਿਪੋਰਟ ਵਿੱਚ ਚੁੱਕਣ ਦੀ ਸਥਿਤੀ ਦੇ ਸੰਬੰਧ ਵਿੱਚ ਮੰਤਰੀ ਨੇ ਕਿਹਾ ਕਿ ਸੰਬੰਧਿਤ ਅਧਿਕਾਰੀ ਮੰਡੀਆਂ ਵਿੱਚ ਝੋਨੇ ਦੇ ਉਠਾਨ ਦੀ ਨਿਯਮਿਤ ਸਮੀਖਿਆ ਕਰਨ। ਜਿਨ੍ਹਾਂ ਜ਼ਿਲ੍ਹਿਆਂ ਵਿੱਚ ਚੁੱਕਣ ਦੀ ਰਫ਼ਤਾਰ ਘੱਟ ਹੈ, ਉੱਥੇ ਖ਼ਰੀਦ ਏਜੰਸੀਆਂ ਨੂੰ ਜ਼ਰੂਰੀ ਕਦਮ ਚੁੱਕ ਕੇ ਉਠਾਨ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ, ਤਾਂ ਜੋ ਮੰਡੀਆਂ ਵਿੱਚ ਫ਼ਸਲ ਰੱਖਣ ਲਈ ਲੋੜੀਂਦੀ ਥਾਂ ਉਪਲਬਧ ਰਹੇ ਅਤੇ ਕਿਸਾਨਾਂ ਨੂੰ ਆਪਣੀ ਉਪਜ ਲਿਆਉਣ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ।

ਏਜੰਸੀਵਾਰ ਭੁਗਤਾਨ ਦੇ ਉਪਲਬਧ ਅੰਕੜਿਆਂ ਅਨੁਸਾਰ, ਖਾਧ ਅਤੇ ਨਾਗਰਿਕ ਸਪਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਲਗਭਗ 2,375.62 ਕਰੋੜ ਰੁਪਏ, ਹੈਫੇਡ ਵੱਲੋਂ 1,329.76 ਕਰੋੜ ਰੁਪਏ ਅਤੇ ਹਰਿਆਣਾ ਰਾਜ ਭੰਡਾਰਨ ਨਿਗਮ ਵੱਲੋਂ 558.38 ਕਰੋੜ ਰੁਪਏ ਦਾ ਭੁਗਤਾਨ ਦਰਜ ਕੀਤਾ ਗਿਆ ਹੈ।





